ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7l

awazeqaumtvpunjab@gmail.com

ਵੀਰਵਾਰ, 27 ਜੂਨ 2024 (ਨਾਨਕਸ਼ਾਹੀ ਸੰਮਤ : ੫੫੬, ੧੪ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਥਾਪਨਾ ਦਿਵਸ ਮੌਕੇ

# ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਗਏ ਸਮਾਗਮ

ਨਵੀਂ ਦਿੱਲੀ, 26 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਥਾਪਨਾ ਦਿਵਸ ਅੱਜ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਸਬੰਧ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ ਹੋਇਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਪੰਥ ਪ੍ਰਸਿੱਧ ਰਾਗੀ ਭਾਈ ਗੁਰਮੀਤ ਸਿੰਘ ਸ਼ਾਂਤ ਦੇ ਜਥੇ ਨੇ ਪੁਰਾਤਨ ਤੰਤੀ ਸਾਜ਼ਾਂ ਨਾਲ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ। ਸਥਾਪਨਾ ਦਿਵਸ ਦੇ ਸਬੰਧ ਵਿੱਚ ਕਰਵਾਏ ਸਮਾਗਮ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਥਾਪਨਾ ਦਿਵਸ ਦੀ ਕੌਮ ਨੂੰ ਵਧਾਈ ਦਿੰਦਿਆਂ ਆਖਿਆ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਰੂਹਾਨੀਅਤ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਹਮਣੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਇਸ ਕਰਕੇ ਕੀਤੀ ਸੀ ਕਿ ਰੂਹਾਨੀਅਤ ਦੇ ਰਾਹ ਤੁਰਨ ਵਾਲਾ ਸਿੱਖ ਰਾਜਨੀਤਕ ਪੱਖੋਂ ਕਿਸੇ ਦੂਜੇ ਦਾ ਮੁਥਾਜ ਨਾ ਹੋਵੇ। ਉਨ੍ਹਾਂ ਕਿਹਾ ਕਿ ਸਿੱਖ ਨੇ ਆਪਣੇ ਧਰਮ ਅਤੇ ਰਾਜਨੀਤੀ ਨੂੰ ਇਕ ਅਕਾਲ ਪੁਰਖ ਦੇ ਓਟ-ਆਸਰੇ ਅਤੇ ਆਸਥਾ ਵਿਚ ਹੀ ਨਿਭਾਉਣਾ ਹੈ। ਸਿੰਘ ਸਾਹਿਬ ਨੇ ਕਿਹਾ ਕਿ ਇਸੇ ਕਾਰਨ ਸ੍ਰੀ ਅਕਾਲ ਤਖ਼ਤ ਸਾਹਿਬ ਹਮੇਸ਼ਾ ਹੀ ਦੁਨਿਆਵੀ ਤਖ਼ਤਾਂ ਦੀਆਂ ਅੱਖਾਂ ਵਿਚ ਰੜਕਦਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਬਦਾਲੀ ਤੋਂ ਲੈ ਕੇ ਇੰਦਰਾ ਗਾਂਧੀ ਤੱਕ ਸਮੇਂ ਦੇ ਹੁਕਮਰਾਨਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਨੁਕਸਾਨ ਕਰਨ ਲਈ ਹਮਲੇ ਕੀਤੇ ਪਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸ਼ਾਨ ਅੱਜ ਵੀ ਬਰਕਰਾਰ ਹੈ ਪਰ ਹਮਲਾਵਰਾਂ ਦਾ ਮਾੜਾ ਹਸ਼ਰ ਦੁਨੀਆ ਨੇ ਵੇਖਿਆ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੇਧ ਲੈ ਕੇ ਸਿੱਖ ਆਪਣੇ ਰਾਜ-ਭਾਗ ਦੇ ਮਾਲਕ ਬਣੇ ਅਤੇ ਮਹਾਰਾਜਾ ਰਣਜੀਤ ਸਿੰਘ ਨੇ ਚਾਲੀ ਸਾਲ ਰਾਜ ਕਰਕੇ ਦੁਨੀਆ ਨੂੰ ਇਕ ਹਲੇਮੀ ਰਾਜ ਵਰਗਾ ਰਾਜ ਸ਼ਾਸਨ ਦਿੱਤਾ। ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕਿਹਾ ਕਿ ਸਿੱਖ ਦੁਨੀਆ ਦੇ ਹਰ ਖੇਤਰ ਵਿਚ ਵਿਚਰਦਿਆਂ ਹਮੇਸ਼ਾ ਆਪਣਾ ਮੂੰਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲ ਰੱਖਦੇ ਰਹੇ ਹਨ, ਪਰ ਦੇ ਰਾਜਨੀਤਕ ਲੋਕਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲ ਪਿੱਠ ਕਰਕੇ ਦਿੱਲੀ ਵੱਲ ਮੂੰਹ ਕੀਤਾ ਹੋਇਆ ਹੈ, ਜਿਸ ਕਾਰਨ ਸਿੱਖਾਂ ਦੀ ਆਪਣੀ ਰਾਜਨੀਤੀ ਕਮਜ਼ੋਰ ਪੈ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਮੁੜ ਸਿੱਖ ਰਾਜਨੀਤਕ ਲੋਕ ਆਪਣਾ ਮੂੰਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲ ਕਰ ਲੈਣ ਤਾਂ ਸਿੱਖ ਮੁੜ ਰਾਜ ਭਾਗ ਦੇ ਮਾਲਕ ਜ਼ਰੂਰ ਬਣਨਗੇ। ਉਨ੍ਹਾਂ ਸਿੱਖ ਸਿਧਾਂਤਾਂ, ਪਰੰਪਰਾਵਾਂ ਤੇ ਮਰਿਆਦਾ 'ਤੇ ਪਹਿਰਾ ਦੇਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਆਖਿਆ ਕਿ ਜਦੋਂ ਅਸੀਂ ਸਿਧਾਂਤਕ ਤੌਰ 'ਤੇ ਪਰਪੱਕ ਹੋਵਾਂਗੇ ਤਾਂ ਅਕਾਲ ਪੁਰਖ ਦਾ ਹਥ ਸਾਡੇ ਸੀਸ 'ਤੇ ਰਹੇਗਾ। ਸਾਨੂੰ ਅੱਜ ਕੌਮੀ ਤੌਰ 'ਤੇ ਖੁਆਰੀਆਂ ਵਿਚੋਂ ਨਿਕਲਣ ਲਈ ਗੁਰੂ ਸਿਧਾਂਤਾਂ 'ਤੇ ਪਹਿਰਾ ਦਿੰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਛਤਰ ਸਾਇਆ ਹੇਠ ਇਕੱਤਰ ਹੋਣ ਦੀ ਲੋੜ ਹੈ।



ਇਸ ਮੌਕੇ ਉਨ੍ਹਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਲਈ ਆਉਣ ਵਾਲੀ ਸੰਗਤ ਨੂੰ ਵੀ ਸ੍ਰੀ ਦਰਬਾਰ ਸਾਹਿਬ ਸਮੂਹ ਵਿਚ ਵਿਚਰਦਿਆਂ ਮਰਿਆਦਾ ਦਾ ਖਿਆਲ ਰੱਖਣ ਦੀ ਵੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ ਵਿਖੇ ਮਰਿਆਦਾ ਨੂੰ ਮੁੱਖ ਰੱਖਦਿਆਂ ਆਪਣੇ ਫੋਨ ਬੰਦ ਰੱਖਣ। ਇਸ ਦੇ ਨਾਲ ਹੀ ਉਨ੍ਹਾਂ ਖਾਸ ਤੌਰ 'ਤੇ ਇਹ ਵੀ ਕਿਹਾ ਕਿ ਇੱਥੇ ਨਤਮਸਤਕ ਹੋਣ ਵਾਲੇ ਕਲਾਕਾਰ ਇਸ ਪਾਵਨ ਅਸਥਾਨ ਨੂੰ ਫਿਲਮਾਂ ਦੀ ਪ੍ਰਮੋਸ਼ਨ ਲਈ ਨਾ ਵਰਤਣ ਬਲਕਿ ਇੱਥੋਂ ਆਤਮਿਕ ਸ਼ਕਤੀ ਹਾਸਲ ਕਰਨ। ਉਨ੍ਹਾਂ ਸ੍ਰੀ ਦਰਬਾਰ ਸਾਹਿਬ ਸਮੂਹ ਅੰਦਰ ਅਰਦਾਸ ਵੇਲੇ ਵੀ ਸੰਗਤਾਂ ਨੂੰ ਇਕਾਗਰਚਿਤ ਹੋ ਕੇ ਖੜ੍ਹੇ ਹੋਣ ਦੀ ਤਾਕੀਦ ਕੀਤੀ ਤਾਂ ਜੋ ਪੁਰਾਤਨ ਮਰਿਆਦਾ ਕਾਇਮ ਰਹਿ ਸਕੇ।

ਇਸੇ ਦੌਰਾਨ ਮੀਡੀਆ ਨਾਲ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸਿੱਖ ਅੰਦਰ ਮੀਰੀ-ਪੀਰੀ ਦੇ ਸਿਧਾਂਤ ਨੂੰ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਉਭਾਰਿਆ ਜਿਸ ਨੂੰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਦੇ ਨਾਲ-ਨਾਲ ਮੀਰੀ-ਪੀਰੀ ਦੀਆਂ ਦੋ ਕਿਰਪਾਨਾਂ ਧਾਰਨ ਕਰਕੇ ਸਿੱਖ ਜੀਵਨ ਜਾਚ ਦਾ ਇੱਕ ਅਹਿਮ ਹਿੱਸਾ ਬਣਾ ਦਿੱਤਾ। ਉਨ੍ਹਾਂ ਕਿਹਾ ਕਿ ਸਿੱਖੀ ਅੰਦਰ ਧਰਮ ਅਤੇ ਰਾਜਨੀਤੀ ਦਾ ਸੁਮੇਲ ਅਤਿ ਅਹਿਮ ਹੈ ਜਿਸ ਵਿੱਚ ਧਰਮ ਨੂੰ ਪ੍ਰਮੁੱਖਤਾ ਹੈ। ਐਡਵੋਕੇਟ ਧਾਮੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਕੌਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰੂ ਸਾਹਿਬਾਨ ਦੇ ਸਿਧਾਂਤਾਂ ਨਾਲ ਜੁੜ ਕੇ ਪੰਥਕ ਸ਼ਕਤੀ ਨੂੰ ਮਜਬੂਤ ਕੀਤਾ ਜਾਵੇ। ਉਨ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਸਮੇਂ-ਸਮੇਂ ਜਰਵਾਣਿਆਂ ਵੱਲੋਂ ਕੀਤੇ ਗਏ ਹਮਲਿਆਂ ਦੀ ਗੱਲ ਕਰਦਿਆਂ ਆਖਿਆ ਕਿ ਇਹ ਅਕਾਲ ਦਾ ਤਖ਼ਤ ਹੈ ਜਿਸ ਨੂੰ ਢਾਹੁਣ ਦੇ ਮਕਸਦ ਨਾਲ ਆਏ ਲੋਕਾਂ ਨੂੰ ਹਮੇਸ਼ਾ ਮੂੰਹ ਦੀ ਖਾਣੀ ਪਈ ਜਦਕਿ ਅਕਾਲ ਦੇ ਇਸ ਸੱਚੇ ਤਖ਼ਤ ਦੀ ਹੋਂਦ-ਹਸਤੀ ਸਦੀਵੀ ਹੈ।




## ਪਾਕਿ ਪੰਜਾਬ ਸਰਕਾਰ ਨੇ ਸਿੱਖ ਮੈਰਿਜ ਐਕਟ 2024 ਨੂੰ ਦਿੱਤੀ ਮਨਜ਼ੂਰੀ

**ਲਾਹੌਰ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਪੰਜਾਬ ਸੂਬੇ ਦੀ ਸਰਕਾਰ ਨੇ ਮੰਗਲਵਾਰ ਨੂੰ ਸਿੱਖ ਮੈਰਿਜ ਐਕਟ 2024 ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਸ ਨਾਲ ਭਾਈਚਾਰੇ ਦੇ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਜੋੜੇ ਆਪਣੇ ਵਿਆਹ ਅਤੇ ਤਲਾਕ ਨੂੰ ਰਜਿਸਟਰ ਕਰ ਸਕਣਗੇ। ਸੂਬਾਈ ਕੈਬਨਿਟ ਨੇ ਮੰਗਲਵਾਰ ਨੂੰ ਮੁੱਖ ਮੰਤਰੀ ਮਰੀਅਮ ਨਵਾਜ਼ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਪੰਜਾਬ ਸਿੱਖ ਆਨੰਦ ਕਾਰਜ ਮੈਰਿਜ ਰਜਿਸਟਰਾਰ ਅਤੇ ਮੈਰਿਜ ਰੂਲਜ਼ 2024 ਨੂੰ ਪ੍ਰਵਾਨਗੀ ਦਿੱਤੀ। ਪੰਜਾਬ ਦੇ ਘੱਟ ਗਿਣਤੀਆਂ ਅਤੇ ਮਨੁੱਖੀ ਅਧਿਕਾਰਾਂ ਦੇ ਪਹਿਲੇ ਸਿੱਖ ਮੰਤਰੀ ਸਰਦਾਰ ਰਮੇਸ਼ ਸਿੰਘ ਅਰੋੜਾ ਨੇ ਇਸ ਨੂੰ ਸਿੱਖਾਂ ਲਈ ਇਤਿਹਾਸਕ ਦਿਨ ਦੱਸਿਆ ਹੈ। ਉਨ੍ਹਾਂ ਕਿਹਾ, 'ਅੱਜ ਪੰਜਾਬ ਦੁਨੀਆ ਦਾ ਅਜਿਹਾ ਪਹਿਲਾ ਸੂਬਾ ਬਣ ਗਿਆ ਹੈ, ਜਿੱਥੇ ਪੰਜਾਬ ਸਿੱਖ ਮੈਰਿਜ ਐਕਟ ਲਾਗੂ ਕੀਤਾ ਗਿਆ ਹੈ।' ਉਨ੍ਹਾਂ ਅੱਗੇ ਕਿਹਾ ਕਿ ਦੂਜੇ ਸੂਬਿਆਂ 'ਚ ਰਹਿੰਦੇ ਸਿੱਖ ਭਾਈਚਾਰੇ ਦੇ ਲੋਕ ਵੀ ਆਪਣੇ ਵਿਆਹ ਰਜਿਸਟਰ ਕਰਵਾਉਣ ਲਈ ਪੰਜਾਬ ਸੂਬੇ 'ਚ ਆ ਸਕਦੇ ਹਨ। ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੇ ਕੁਝ ਮਹੀਨਿਆਂ ਵਿੱਚ ਹਿੰਦੂ ਮੈਰਿਜ ਐਕਟ ਨੂੰ ਵੀ ਕੈਬਨਿਟ ਅੱਗੇ ਰੱਖਿਆ ਜਾਵੇਗਾ। ਰਮੇਸ਼ ਸਿੰਘ ਅਰੋੜਾ ਅਨੁਸਾਰ ਸਿੱਖ ਮੈਰਿਜ ਐਕਟ ਦੀ ਪ੍ਰਵਾਨਗੀ ਸਾਲ 2017 ਤੋਂ ਉਡੀਕੀ ਜਾ ਰਹੀ ਸੀ। ਪੰਜਾਬ ਸੂਬੇ ਦੀ ਸਰਕਾਰ ਸਕੂਲੀ ਪਾਠਕ੍ਰਮ ਵਿੱਚੋਂ ਨਫ਼ਰਤ ਨਾਲ ਸਬੰਧਤ ਪਾਠਕ੍ਰਮਾਂ ਨੂੰ ਹਟਾਏਗੀ ਅਤੇ ਉਨ੍ਹਾਂ ਦੀ ਥਾਂ 'ਤੇ ਸ਼ਾਂਤੀ ਕਾਇਮ ਕਰਨ ਲਈ ਪਾਠਕ੍ਰਮ ਸ਼ਾਮਲ ਕੀਤਾ ਜਾਵੇਗਾ 18 ਸਾਲ ਜਾਂ ਵੱਧ ਹੋਵੇ। ਜੇਕਰ ਵਿਆਹ ਵਿੱਚ ਕੋਈ ਅੜਚਨ ਆਉਂਦੀ ਹੈ ਤਾਂ ਉਸ ਨੂੰ ਪੰਜ ਮੈਂਬਰੀ ਸੰਗਤ ਵੱਲੋਂ ਹੱਲ ਕੀਤਾ ਜਾਵੇਗਾ।

## ਦਰਬਾਰ ਸਾਹਿਬ 'ਚ ਯੋਗਾ ਕਰਨ ਵਾਲੀ ਕੁੜੀ ਖਿਲਾਫ਼ ਪੁਲਿਸ ਦਾ ਵੱਡਾ ਐਕਸ਼ਨ

# ਹੁਣ ਗ੍ਰਿਫ਼ਤਾਰੀ ਦੀ ਤਿਆਰੀ


**ਅੰਮ੍ਰਿਤਸਰ, 26 ਜੂਨ (ਆਵਾਜ਼ਿ ਕੌਮ ਬਿਊਰੋ)**-21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਹਰਿਮੰਦਰ ਸਾਹਿਬ ਵਿੱਚ ਯੋਗਾ ਕਰਨ ਵਾਲੀ ਲੜਕੀ ਅਰਚਨਾ ਮਕਵਾਨਾ ਦੀਆਂ ਮੁਸ਼ਕਲਾਂ ਵੱਧ ਸਕਦੀਆਂ ਹਨ। ਗੁਜਰਾਤ ਦੇ ਵਡੋਦਰਾ ਦੀ ਰਹਿਣ ਵਾਲੀ ਅਰਚਨਾ ਮਕਵਾਨਾ ਨੂੰ ਅੰਮ੍ਰਿਤਸਰ ਪੁਲਿਸ ਨੇ ਨੋਟਿਸ ਭੇਜਿਆ ਹੈ। ਇਹ ਨੋਟਿਸ ਉਸ ਨੂੰ ਜਾਂਚ ਵਿੱਚ ਸ਼ਾਮਲ ਹੋਣ ਲਈ ਭੇਜਿਆ ਗਿਆ ਹੈ। ਐਸਜੀਪੀਸੀ ਵੱਲੋਂ ਭੇਜੀ ਸ਼ਿਕਾਇਤ ਦੇ ਆਧਾਰ 'ਤੇ ਅਰਚਨਾ ਖ਼ਿਲਾਫ਼ ਅੰਮ੍ਰਿਤਸਰ ਵਿੱਚ ਕੇਸ ਦਰਜ ਕੀਤਾ ਗਿਆ ਹੈ। ਅੰਮ੍ਰਿਤਸਰ ਦੇ ਏ.ਡੀ.ਸੀ.ਪੀ ਡਾ.ਦਰਪਨ ਆਹਲੂਵਾਲੀਆ ਨੇ ਕਿਹਾ ਕਿ ਨਿਯਮਾਂ ਅਨੁਸਾਰ ਅਰਚਨਾ ਮਕਵਾਨਾ ਖਿਲਾਫ ਦਰਜ ਕੀਤੇ ਗਏ ਮਾਮਲੇ ਦੀ ਪਹਿਲਾਂ ਪੂਰੀ ਜਾਂਚ ਕੀਤੀ ਜਾਵੇਗੀ। ਇਸ ਮਾਮਲੇ 'ਚ ਅਰਚਨਾ ਦੇ ਬਿਆਨ ਦਰਜ ਕਰਵਾਏ ਜਾਣਗੇ। ਇਸ ਤੋਂ ਬਾਅਦ ਹੀ ਉਸ ਦੀ ਗ੍ਰਿਫ਼ਤਾਰੀ ਲਈ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪੁਲਿਸ ਵੱਲੋਂ ਅਰਚਨਾ ਨੂੰ ਬਿਆਨ ਦੇਣ ਲਈ ਨੋਟਿਸ ਭੇਜਿਆ ਗਿਆ ਹੈ। ਅਰਚਨਾ ਨੂੰ ਕਿਹਾ ਗਿਆ ਹੈ ਕਿ ਉਹ ਕਦੋਂ ਪੁਲਿਸ ਕੋਲ ਆਵੇਗੀ ਅਤੇ ਆਪਣਾ ਬਿਆਨ ਦਰਜ ਕਰਵਾਏਗੀ। ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਧਾਮੀ ਨੇ ਕਿਹਾ ਸੀ ਕਿ ਇਸ ਲੜਕੀ ਨੇ ਦਰਬਾਰ ਸਾਹਿਬ ਦੀ ਪਰਿਕਰਮਾ ਵਿੱਚ ਸਿਰਫ਼ 40 ਸਕਿੰਟਾਂ ਵਿੱਚ ਯੋਗਾ ਕਰਕੇ ਸਿੱਖੀ ਮਰਿਆਦਾ ਦੀ ਉਲੰਘਣਾ ਕੀਤੀ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਅਰਚਨਾ ਮਕਵਾਨਾ ਨੂੰ ਗ੍ਰਿਫ਼ਤਾਰ ਕਰਕੇ ਕਾਨੂੰਨ ਮੁਤਾਬਕ ਸਜ਼ਾ ਦਿੱਤੀ ਜਾਵੇ। ਪੇਸ਼ੇ ਤੋਂ ਫੈਸ਼ਨ ਡਿਜ਼ਾਈਨਰ, ਗੁਜਰਾਤ ਦੇ ਵਡੋਦਰਾ ਦੀ ਰਹਿਣ ਵਾਲੀ ਅਰਚਨਾ ਨੇ ਵਿਰੋਧ ਬਾਰੇ ਪਤਾ ਲੱਗਣ 'ਤੇ 22 ਜੂਨ ਨੂੰ ਸੋਸ਼ਲ ਮੀਡੀਆ 'ਤੇ ਮੁਆਫੀ ਮੰਗੀ ਅਤੇ ਫੋਟੋਆਂ ਵੀ ਹਟਾ ਦਿੱਤੀਆਂ। ਅਰਚਨਾ ਨੇ ਲਿਖਿਆ- ਮੇਰਾ ਇਰਾਦਾ ਕਿਸੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣਾ ਨਹੀਂ ਸੀ। ਜੇਕਰ ਅਜਿਹਾ ਹੋਇਆ ਹੈ ਤਾਂ ਮੈਂ ਸਾਰਿਆਂ ਤੋਂ ਮੁਆਫੀ ਮੰਗਦੀ ਹਾਂ। ਮੈਂ ਇਸ ਗੱਲ ਤੋਂ ਅਣਜਾਣ ਸੀ ਕਿ ਸ੍ਰੀ ਹਰਿਮੰਦਰ ਸਾਹਿਬ ਵਿੱਚ ਯੋਗਾ ਕਰਨਾ ਅਪਰਾਧ ਦੇ ਬਰਾਬਰ ਹੈ। ਮੈਂ ਭਵਿੱਖ ਵਿੱਚ ਕਿਸੇ ਵੀ ਧਾਰਮਿਕ ਸਥਾਨ 'ਤੇ ਅਜਿਹੀ ਗਲਤੀ ਨਹੀਂ ਕਰਾਂਗੀ।



## ਸਿੰਘ ਸਾਹਿਬ ਵਲੋਂ ਸਖ਼ਤ ਹੁਕਮ ਜਾਰੀ, ਹਰਿਮੰਦਰ ਸਾਹਿਬ 'ਚ ਫ਼ਿਲਮਾਂ ਦੀ ਪ੍ਰਮੋਸ਼ਨ 'ਤੇ ਰੋਕ

**ਅੰਮ੍ਰਿਤਸਰ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਸ੍ਰੀ ਦਰਬਾਰ ਸਾਹਿਬ 'ਚ ਵੀਡੀਓਗ੍ਰਾਫੀ 'ਤੇ ਹੁਣ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਗਈ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਥਾਪਨਾ ਦਿਵਸ ਮੌਕੇ ਸਿੰਘ ਸਾਹਿਬ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੰਗਤ ਨੂੰ ਵਧਾਈ ਦਿੱਤੀ। ਇਸ ਦੌਰਾਨ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੇ ਕਿਹਾ ਕਿ ਕੋਈ ਵੀ ਆਪਣੀ ਫ਼ਿਲਮ ਦੀ ਪ੍ਰਮੋਸ਼ਨ ਲਈ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੀ ਵਰਤੋਂ ਨਾ ਕੀਤੀ ਜਾਵੇ। ਇਹ ਇੱਕ ਧਾਰਮਿਕ ਆਸਥਾ ਦਾ ਕੇਂਦਰ ਹੈ ਨਾ ਕਿ ਕੋਈ ਫ਼ਿਲਮ ਪ੍ਰਮੋਸ਼ਨ ਦਾ ਸਥਾਨ ਹੈ। ਉਹਨਾਂ ਨੇ ਸੰਗਤ ਨੂੰ ਕਿਹਾ ਕਿ ਜਦੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਅਰਦਾਸ ਅਤੇ ਹੁਕਮਨਾਮਾ ਪੜ੍ਹਿਆ ਜਾਂਦਾ ਹੈ ਉਸ ਸਮੇਂ ਗੁਰੂ ਘਰ ਆਈਆਂ ਸੰਗਤਾਂ ਨੂੰ ਉੱਥੇ ਹੀ ਖੜ੍ਹ ਕੇ ਸਰਵਣ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਸੰਗਤਾਂ ਨੂੰ ਸ੍ਰੀ ਦਰਬਾਰ ਸਾਹਿਬ ਵਿਖੇ ਫੋਟੋਆਂ ਨਾ ਖਿਚਵਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਈ ਫਿਲਮਾਂ ਰਿਲੀਜ਼ ਹੁੰਦੀਆਂ ਹਨ। ਫ਼ਿਲਮ ਦੀ ਰਿਲੀਜ਼ ਤੋਂ ਪਹਿਲਾਂ ਟੀਮ ਦਰਬਾਰ ਸਾਹਿਬ ਮੱਥਾ ਟੇਕਣ ਪਹੁੰਚੀ ਜਿਨ੍ਹਾਂ ਨਾਲ ਵੀਡੀਓਗ੍ਰਾਫੀ ਵੀ ਹੁੰਦੀ ਹੈ ਪਰ ਹੁਣ ਅਜਿਹੀ ਵੀਡੀਓਗ੍ਰਾਫੀ ਨਹੀਂ ਹੋਵੇਗੀ। ਜੇਕਰ ਕੋਈ ਵਿਅਕਤੀ ਸੰਗਤ ਵਜੋਂ ਦਰਬਾਰ ਸਾਹਿਬ ਆਉਂਦਾ ਹੈ ਤਾਂ ਮੱਥਾ ਟੇਕ ਕੇ ਅਰਦਾਸ ਕਰ ਸਕਦਾ ਹੈ ਪਰ ਦਰਬਾਰ ਸਾਹਿਬ ਵਿੱਚ ਫ਼ਿਲਮਾਂ ਦਾ ਪ੍ਰਚਾਰ ਨਹੀਂ ਕੀਤਾ ਜਾਵੇਗਾ।




Nankana Sahib Yatra Committe Uk
pakistan gurdwara yatra
6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches
ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ
£1095
Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.
Note: It does not include flight ticket and insurance, it has to be done by the passenger himself.
ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।
ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।
*-- ਗੁਰੂ ਪੰਥ ਦੇ ਸੇਵਾਦਾਰ --*
ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK
• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment


# ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ | Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਕੰਨਾ, ਸਿਹਾਰੀ, ਬਿਹਾਰੀ
ਔਂਕੜ, ਦੁਲੈਂਕੜ, ਲਾਂ, ਦੁਲਾਵਾਂ
ਹੋੜਾ, ਕਨੌੜਾ, ਟਿੱਪੀ, ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write PUNJABI







**ASA Gas Heating Solution Ltd.**

Boilers
Certificates
Gas Work
Cylinders
Maintenance Services

Gas Safety Inspections
Plumbing Work


Vaillant APPROVED INSTALLER
WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI HA KHALSA
WAHEGURU JI HI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07751-28621

ਸ਼੍ਰੀ ਅਕਾਲ ਸਹਾਇ

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

# ਗੁਰਮਤਿ ਸਿਖਲਾਈ ਕੈਂਪ 2024

ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ ਵਿਖੇ ਮਿਤੀ- 26 ਮਈ ਤੋਂ 29 ਜੂਨ 2024 ਤੱਕ
ਰੋਜ਼ਾਨਾ ਸ਼ਾਮ 04:00 ਤੋਂ 07:00 ਵਜੇ ਤੱਕ

ਇਸ ਕੈਂਪ ਦੌਰਾਨ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਸ਼ੁੱਧ ਉਚਾਰਣ, ਸਿੱਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ, ਕੀਰਤਨ ਸਿਖਲਾਈ ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿੱਤੀ ਜਾਵੇਗੀ ।

ਇਸ ਕੈਂਪ ਦੀ ਸਮਾਪਤੀ ਦਾ ਸਮਾਗਮ ਮਿਤੀ- 30 ਜੂਨ 2024 ਨੂੰ ਸਵੇਰੇ 10:00 ਤੋਂ ਦੁਪਹਿਰ 01:00 ਵਜੇ ਤੱਕ ਹੋਵੇਗਾ।

ਮਿਤੀ- 30 ਜੂਨ 2024 ਨੂੰ ਦੁਪਹਿਰ 12:30 ਵਜੇ ਅੰਮ੍ਰਿਤ ਸੰਚਾਰ ਹੋਵੇਗਾ ਜੀ। ਨੋਟ- ਕਕਾਰ ਮੁਫਤ ਦਿੱਤੇ ਜਾਣਗੇ ਜੀ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਹਰਭਜਨ ਸਿੰਘ ਰਾਠੌਰ
ਮੈਂਬਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਸੁਦਰਸ਼ਨ ਸਿੰਘ ਭਿਵਾਨੀ
ਅੰਤ੍ਰਿੰਗ ਮੈਂਬਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ- ਸਕੱਤਰ ਧਰਮ ਪ੍ਰਚਾਰ ਹਰਿਅਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਮੈਨੇਜਰ ਗੁਰਦੁਆਰਾ ਬੰਗਲਾ ਸਾਹਿਬ ਰੋਹਤਕ (ਹਰਿਆਣਾ)

ਸ਼੍ਰੀ ਅਕਾਲ ਸਹਾਇ

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

# ਗੁਰਮਤਿ ਸਿਖਲਾਈ ਕੈਂਪ 2024 ਸਮਾਪਤੀ ਸਮਾਗਮ

ਗੁਰਦੁਆਰਾ ਗੁਰੂ ਨਾਨਕ ਪੁਰਾ ਨਾਰਨੌਲ ਅਤੇ ਗੁਰਦੁਆਰਾ ਕਿਰਾਰੋਂਦ ਨਾਰਨੌਲ (ਹਰਿਆਣਾ)

ਇਸ ਕੈਂਪ ਦੀ ਸਮਾਪਤੀ ਦਾ ਸਮਾਗਮ ਮਿਤੀ- 29 ਜੂਨ 2024 ਨੂੰ ਸਵੇਰੇ 10:00 ਤੋਂ ਦੁਪਹਿਰ 01:00 ਵਜੇ ਤੱਕ ਹੋਵੇਗਾ।

ਮਿਤੀ- 29 ਜੂਨ 2024 ਨੂੰ ਦੁਪਹਿਰ 12:30 ਵਜੇ ਅੰਮ੍ਰਿਤ ਸੰਚਾਰ ਹੋਵੇਗਾ ਜੀ।

ਪੁੱਜ ਰਹੇ ਜੱਥੇ



ਭਾਈ ਗੁਰਸੇਵਕ ਸਿੰਘ ਚਮਕਾਰਾ, ਢਾਡੀ ਜੱਥਾ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਭਾਈ ਗੁਰਸੇਵਕ ਸਿੰਘ ਰੰਗੀਲਾ
ਹਜੂਰੀ ਰਾਗੀ ਜੱਥਾ ਗੁ: ਦਾਦੂ ਸਾਹਿਬ (ਸਿਰਸਾ)

ਨੋਟ- ਕਕਾਰ ਭੇਟਾ ਰਹਿਤ ਦਿੱਤੇ ਜਾਣਗੇ ਜੀ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਤਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਮੈਂਬਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ- ਸਕੱਤਰ ਧਰਮ ਪ੍ਰਚਾਰ ਹਰਿਅਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂੰਹ ਸਾਧ ਸੰਗਤ ਨਾਰਨੌਲ।


ਸ੍ਰੀ ਅਕਾਲ ਤਖਤ ਸਾਹਿਬ (ਸ੍ਰੀ ਹਰਿਮੰਦਰ ਸਾਹਿਬ) ਉੱਤੇ ਹਿੰਦੁਸਤਾਨੀ ਹਕੂਮਤ ਵਲੋ ੪੦ ਸਾਲ ਪਹਿਲਾਂ ਹੋਏ ਹਮਲੇ ਅਤੇ ਜੂਨ ੧੯੮੪ ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ
ਸ਼ਹੀਦੀ ਸਮਾਗਮ
ਗੁਰੂ ਨਾਨਕ ਗੁਰਦੁਆਰਾ ਵੁਲਵਰਹੈਂਪਟਨ (ਸੈਜਲੀ ਸਟਰੀਟ). WV2 3AJ ਵਿਖੇ ਸਨਿਚਰਵਾਰ ੬ ਜੁਲਾਈ ਅਤੇ ਐਤਵਾਰ ੭ ਜੁਲਾਈ ੨੦੨੪ ਨੂੰ ਸ਼ਹੀਦੀ ਸਮਾਗਮ ਰੱਖੇ ਗਏ ਨੇ।
ਸਨਿਚਰਵਾਰ ੫ ਵਜੇ ਤੋਂ ੮:੩੦ ਵਜੇ ਤਕ (ਹਾਲ ੪)
ਐਤਵਾਰ ੧੧:੩੦ ਵਜੇ ਤੋਂ ੪ ਵਜੇ ਤਕ (ਮੇਨ ਹਾਲ)
ਵਲੋਂ: ਦਮਦਮੀ ਟਕਸਾਲ ਜਥਾ ਯੂਕੇ ਅਤੇ ਯੂਰਪ ਅਤੇ ਸਮੂਹ ਸਾਧ ਸੰਗਤ
ORGANISED BY: DAMDAMI TAKSAL UK & EUROPE AND SADH SANGAT
SHAHEEDI SMAGAM
IN REMEMBRANCE OF THE SHAHEEDS OF 1984
GURU NANAK GURDWARA | 191 DUNCAN ST, WOLVERHAMPTON WV2 3AJ
GIANI SATNAM SINGH JI DAMDAMI TAKSAL
GIANI NAVDEEP SINGH JI AJNALA
GIANI SUKHRAJ SINGH JI DAMDAMI TAKSAL
BHAI AMANDEEP SINGH JI SRI DARBAR SAHIB
BHAI MAHADEEP SINGH JI SRI DARBAR SAHIB
DHADI JATHA GIANI TARLOCHAN SINGH BHAMADI
BHAI BALDEV SINGH JI DAMDAMI TAKSAL
BHAI GURJEET SINGH JI DAMDAMI TAKSAL
BHAI SUKHJINDER SINGH
BHAI HARI SINGH JI
GIANI GURJINDER SINGH JI DAMDAMI TAKSAL
GIANI BALBIR SINGH DAMDAMI TAKSAL
DHADI RASAAL SINGH CHOLA SAHIB
SATURDAY 6TH (HALL 4)
5PM-8:30PM
SUNDAY 7TH (MAIN HALL)
11:30AM-4PM
AT GNG SEDGLEY STREET
BHAI HARJINDER SINGH JI 07956 007 161 | GIANI GURJINDER SINGH JI 07400 830 403
BHAI GURJIT SINGH JI 07508 943 570 | BHAI BHERVINDER SINGH JI 07985 246 484
DAMDAMI TAKSAL JATHA (UK & EUROPE)
SIKH INSPIRE
40
1984
ਸਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਕਾਰਜਕਾਰੀ ਮੁਖੀ ਦਮਦਮੀ ਟਕਸਾਲ ਦੇ ਅਸ਼ੀਰਵਾਰ ਸਦਕਾ
ਆਵਾਜ਼ਿ ਕੌਮ AWAZE QAUM International Newspaper & WEB TV


ਦਮਦਮੀ ਟਕਸਾਲ
ਗੁਰੂ ਹਰਿਰਾਇ
ਦਮਦਮੀ ਟਕਸਾਲ ਵੱਲੋ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਧ ਪਾਠ ਬੋਧ ਸਮਾਗਮ
ਅਰੰਭ 20 July 2024 ਤੋ 18 August 2024 ਤੱਕ
ਭਾਗ ਲੈਣ ਵਾਲੇ ਗੁਰਸਿੱਖਾਂ ਨੂੰ ਬੇਨਤੀ ਹੈ ਕੇ ਚਿੱਟੇ ਹਜੂਰੀਏ ਲਿਓਣ ਦੀ ਕਿਰਪਾਲਤਾ ਕਰਨ । ਸੋਮਵਾਰ ਤੋ ਸ਼ੁਕਰਵਾਰ ਸਮਾ 6pm ਤੋ 9pm । ਸ਼ਨੀਵਾਰ ਤੇ ਐਤਵਾਰ ਸਮਾ 2pm ਤੋ 3.30pm ਅਤੇ 4pm ਤੋ 6pm । ਦਮਦਮੀ ਟਕਸਾਲ ਦੇ facebook page, youtube channel ਅਤੇ sangat tv ਤੇ ਸਿਧਾ ਪ੍ਰਸਾਰਨ ਕੀਤਾ ਜਾਵੇਗਾ । ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ।
GURDWARA SRI GUR HAR RAI SAHIB JI
128 HIGH STREET, WEST BROMWICH (IN UNIT), UK
07454 023 665
07940 368926
07478 804 044


ਅੰਮ੍ਰਿਤ ਛਕੋ
ਸ੍ਰੀ ਅਕਾਲ ਸਹਾਇ
ਸਿੰਘ ਸਜੋ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਗੁਰਮਤਿ ਸਿਖਲਾਈ ਕੈਂਪ- 2024
ਮਿਤੀ 2 ਜੂਨ ਤੋਂ 30 ਜੂਨ ਤੱਕ ਰੋਜ਼ਾਨਾ
ਗੁਰਦੁਆਰਾ ਗੁਰੂ ਨਾਨਕ ਪੁਰਾ ਨਾਰਨੌਲ - ਸਵੇਰੇ 09:00 ਤੋਂ 11:00 ਵਜੇ ਤੱਕ
ਗੁਰਦੁਆਰਾ ਕਿਰਾਰੋਦ ਨਾਰਨੌਲ - ਸ਼ਾਮ 05:00 ਤੋਂ 07:00 ਵਜੇ ਤੱਕ
ਇਸ ਕੈਂਪ ਵਿੱਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁੱਧ ਉਚਾਰਣ ਅਤੇ ਗੁਰਮੁਖੀ ਲਿਪੀ ਦੀ ਜਾਣਕਾਰੀ ਦਿੱਤੀ ਜਾਵੇਗੀ।
ਵਿਸ਼ੇਸ਼ - ਕੈਂਪ ਦੀ ਸਮਾਪਤੀ ਤੋਂ ਉਪਰੰਤ 30 ਜੂਨ 2024 ਨੂੰ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ।
ਜਿਸ ਵਿੱਚ ਕਥਾਵਾਚਕ, ਢਾਡੀ, ਕਵੀਸ਼ਰ ਅਤੇ ਹਜੂਰੀ ਰਾਗੀ ਜਥੇ ਹਾਜਰੀ ਭਰਨਗੇ। ਇਸ ਤੋਂ ਉਪਰੰਤ ਬੱਚਿਆਂ ਅਤੇ ਪ੍ਰਬੰਧਕਾਂ ਨੂੰ ਸਨਮਾਨਿਤ ਕੀਤਾ ਜਾਵੇਗਾ।
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਤਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਕਮੇਟੀ ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ :- ਸਮੂਹ ਸਾਧ ਸੰਗਤ ਨਾਰਨੌਲ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)

ਦੇਗ ਤੇਗ ਫਤਿਹ ਪੰਥ ਕੀ ਜੀਤ

ਅੰਮ੍ਰਿਤ ਛਕੋ – ਸਿੰਘ ਸਜੋ

ਵਿੱਦਿਆ ਸਭ ਦਾ ਮਾਣ ਹੈ, ਵਿੱਦਿਆ ਦਿੰਦੀ ਗਿਆਨ ॥
ਵਿੱਦਿਆ ਪੜ੍ਹੀਏ ਚਿੱਤ ਲਾ, ਵਿੱਦਿਆ ਦੇਈਏ ਦਾਨ ॥

ਧਰਮ ਪ੍ਰਚਾਰ ਕਮੇਟੀ H.S.G.M.C ਕੁਰਕਸ਼ੇਤਰ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

# ਗੁਰਮਤਿ ਸਿਖਲਾਈ ਕੈਂਪ–2024

ਇਸ ਕੈਂਪ ਵਿਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁਧ ਉਚਾਰਣ, ਸਿਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ ਕੀਰਤਨ ਦੀ ਸਿਖਲਾਈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼੍ਰੀ ਅਖੰਡ ਪਾਠ, ਸਹਿਜ ਪਾਠ, ਸਪਤਾਹਿਕ ਸਹਿਜ ਪਾਠ ਕਰਨ ਦੇ ਨਿਯਮ ਬਾਰੇ ਜਾਣਕਾਰੀ ਦਿਤੀ ਜਾਵੇਗੀ । ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿਤੀ ਜਾਵੇਗੀ ।

**ਇਹ ਗੁਰਮਤਿ ਕੈਂਪ ਗੁ੦ ਬੰਗਲਾ ਸਾਹਿਬ, ਰੋਹਤਕ ਵਿਖੇ 26 ਮਈ ਤੋਂ 29 ਜੂਨ 2024 ਤਕ ਰੋਜ਼ਾਨਾ ਸ਼ਾਮ 4:00 ਵਜੇ ਤੋਂ 7:00 ਵਜੇ ਤਕ ਚਲੇਗਾ ।**

ਗੁਰਮਤਿ ਕੈਂਪ ਦੀ ਸਮਾਪਤੀ 30 ਜੂਨ 2024 ਐਤਵਾਰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸਵੇਰੇ 10 ਤੋਂ 1:00 ਵਜੇ ਤਕ ਹੋਵੇਗੀ । ਜਿਸ ਵਿਚ ਬਚਿਆਂ ਦੁਆਰਾ ਕੀਰਤਨ, ਸਿੱਖ ਇਤਿਹਾਸ ਅਤੇ ਗੁਰਬਾਣੀ ਪ੍ਰਤਿਯੋਗਤਾ ਹੋਵੇਗੀ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨੀ ਲਗਾਇਆ ਜਾਵੇਗਾ ।

ਸਮਾਪਤੀ ਉਪਰੰਤ ਕਲਗੀਧਰ ਪਿਤਾ ਅੰਮ੍ਰਿਤਦਾਤਾ ਦੀ ਬਖਸ਼ੀਸ਼ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ ।

ਨੋਟ : ਨੌਜਵਾਨ ਬੱਚੇ ਤੇ ਬੱਚੀਆਂ ਨੂੰ ਕੇਸਾਂ ਦੀ ਬੇਅਦਬੀ ਤੇ ਨਸ਼ਿਆਂ ਤੋਂ ਦੂਰ ਰਖਣ ਲਈ ਗੁਰਮਤਿ ਕੈਂਪ ਵਿੱਚ ਜ਼ਰੂਰ ਭੇਜੋ ਜੀ

ਗੁਰਚਰਨ ਸਿੰਘ ਖਾਲਸਾ ਇੰਚਾਰਜ ਗੁਰਮਤਿ ਕਲਾਸਿਸ



## ਅੰਮ੍ਰਿਤ ਸੰਚਾਰ

ਮਿਤੀ 30 ਜੂਨ 2024 ਦਿਨ ਐਤਵਾਰ ਦੁਪਹਿਰ 12:30 ਵਜੇ

ਨੋਟ : ਕਕਾਰ ਮੁਫਤ ਦਿੱਤੇ ਜਾਣਗੇ



ਸ. ਭੁਪਿੰਦਰ ਸਿੰਘ ਜੀ ਅਸੰਧ
(ਪ੍ਰਧਾਨ H.S.G.M.C.)



ਸ੦ ਹਰਭਜਨ ਸਿੰਘ ਰਾਠੌਰ
ਮੈਂਬਰ H.S.G.M.C.
M. 9896003836



ਜ੦ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
H.S.G.M.C.

ਬੇਨਤੀ ਕਰਤਾ : ਸਕਤਰ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਮੈਨੇਜਰ, ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ (ਹਰਿਆਣਾ)
ਸੰਪਰਕ ਨੰ੦ 9813230906, 9728715453, 9896828411, 9896003836, 9911325568

* Arun Printers, Quilla Mohalla, Rohtak. Ph. 9896455615

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਏ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**

ੴ ਸਤਿਗੁਰ ਪ੍ਰਸਾਦਿ ॥
ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥੧॥

# ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

## ਸ.ਸੁਖਜਿੰਦਰ ਸਿੰਘ ਜੌੜਾ

ਸਪੁੱਤਰ ਸ.ਪੂਰਨ ਸਿੰਘ ਆਪਣੀ ਸੰਸਾਰਿਕ ਯਾਤਰਾ ਨੂੰ ਪੂਰੀ ਕਰਦੇ ਹੋਏ ਮਿਤੀ
19-06-2024 ਨੂੰ ਅਚਾਨਕ ਸਦੀਵੀ
ਵਿਛੋੜਾ ਦੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਹਨਾਂ ਦੀ ਆਂਤਮਿਕ ਸ਼ਾਂਤੀ ਲਈ ਰੱਖੇ ਗਏ

## ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ

ਮਿਤੀ 28 ਜੂਨ ਦਿਨ ਸ਼ੁੱਕਰਵਾਰ ਨੂੰ ਪਾਠ ਦੇ ਭੋਗ ਗ੍ਰਹਿ ਵਿਖੇ ਪਾਏ ਜਾਣਗੇ
ਉਪਰੰਤ 12 ਤੋਂ 2 ਵਜੇ ਤੱਕ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਸਿੰਘ ਸਭਾ
H-BLOCK ਭਾਈ ਰਣਧੀਰ ਸਿੰਘ ਨਗਰ ਲੁਧਿਆਣਾ ਵਿਖੇ ਹੋਵੇਗੀ।
ਸੋ ਆਪ ਜੀ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਜੌੜਾ ਪਰਿਵਾਰ
ਪੰਜਹੱਥਾ ਪਰਿਵਾਰ
ਗਰੇਵਾਲ ਪਰਿਵਾਰ

**ਸੰਪਰਕ :- 98150-32200, 90565-00816, 98311-23925, 73559-12393**

ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

### ਸਿੱਖ ਵੋਟ ਮੁਹਿੰਮ ਦੀ ਸ਼ੁਰੂਆਤ

# "ਤੁਹਾਡੀ ਵੋਟ, ਤੁਹਾਡੀ ਤਾਕਤ" ਦਾ ਦਿੱਤਾ ਨਾਅਰਾ




**ਲੰਡਨ, 26 ਜੂਨ (ਸਰਬਜੀਤ ਸਿੰਘ ਬਨੂੜ)**- ਬਰਤਾਨੀਆ ਵਿੱਚ 4 ਜੁਲਾਈ ਨੂੰ ਹੋਣ ਵਾਲੀਆਂ ਆਮ ਚੋਣਾਂ ਵਿੱਚ ਸਿੱਖਾਂ ਨੂੰ ਇੱਕਜੁੱਟ ਹੋਣ ਅਤੇ ਆਪਣੇ ਹੱਕਾਂ ਲਈ ਲੜਨ ਲਈ "ਤੁਹਾਡੀ ਵੋਟ, ਤੁਹਾਡੀ ਤਾਕਤ" ਦਾ ਨਾਅਰਾ ਦਿੱਤਾ ਗਿਆ ਹੈ। ਸਿੱਖ ਵੋਟ ਦੇ ਲੀਡ ਕੋਆਰਡੀਨੇਟਰ, ਮਨਪ੍ਰੀਤ ਸਿੰਘ ਨੇ ਸਾਂਝੀ ਪ੍ਰੈਸ ਕਾਨਫਰੰਸ ਵਿੱਚ ਸਿੱਖਾਂ ਨੂੰ ਇੱਕ ਮਜ਼ਬੂਤ, ਸੰਯੁਕਤ ਭਾਈਚਾਰੇ ਦੇ ਰੂਪ ਵਿੱਚ ਇਕੱਠੇ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਸਾਡੀ ਆਵਾਜ਼ ਸੁਣੀ ਜਾਵੇ ਅਤੇ ਸਾਡੇ ਅਧਿਕਾਰਾਂ ਦੀ ਰੱਖਿਆ ਲਈ ਆਪਣੇ ਦਿਲ ਅਤੇ ਦਿਮਾਗ ਨਾਲ ਵੋਟ ਦਾ ਇਸਤੇਮਾਲ ਕਰ ਸਿੱਖ ਵੋਟ ਮੁਹਿੰਮ ਨਾਲ ਜੁੜਨ ਦਾ ਸੱਦਾ ਦਿੱਤਾ ਗਿਆ ਹੈ।

ਇਸ ਪ੍ਰੈਸ ਕਾਨਫਰੰਸ ਵਿੱਚ ਗੁਰੂ ਨਾਨਕ ਗੁਰਦਵਾਰਾ ਸਮੈਦਿਕ ਦੇ ਮੁੱਖ ਸੇਵਾਦਾਰ ਕੁਲਦੀਪ ਸਿੰਘ ਦਿਉਲ, ਪੰਥਕ ਆਗੂ ਸ ਜੋਗਾ ਸਿੰਘ, ਭਾਈ ਲਵਸਿੰਦਰ ਸਿੰਘ ਡੱਲੇਵਾਲ ਨੇ ਕਿਹਾ ਕਿ ਇਹ ਸਾਡੇ ਲਈ ਯਕੀਨੀ ਬਣਾਉਣ ਦਾ ਪਲ ਹੈ ਕਿ ਸਾਡੀਆਂ ਆਵਾਜ਼ਾਂ ਨੂੰ ਸਿਰਫ਼ ਸੁਣਿਆ ਹੀ ਨਾ ਜਾਵੇ, ਸਗੋਂ ਅਮਲ ਵਿੱਚ ਲਿਆਂਦਾ ਜਾਵੇ 'ਤੇ ਸਾਡੇ ਭਾਈਚਾਰੇ ਦੇ ਸੰਘਰਸ਼ਾਂ ਨੂੰ ਸਵੀਕਾਰ ਕਰਦਿਆ ਸੰਸਦ ਵਿਚ ਸਾਡੀ ਪ੍ਰਤੀਨਿਧਤਾ ਕਰਨ ਵਾਲਿਆ ਨੂੰ ਜਵਾਬਦੇਹ ਠਹਿਰਾਇਆ ਜਾਵੇ।

### ਕੰਜ਼ਰਵੇਟਿਵ ਸਰਕਾਰ ਦੇ ਅਧੀਨ ਯੂਕੇ 'ਚ ਸਿੱਖ ਭਾਈਚਾਰੇ ਨੂੰ ਲਗਾਤਾਰ ਬੇਇਨਸਾਫ਼ੀ ਦਾ ਸਾਹਮਣਾ ਕਰਨਾ ਪਿਆ - ਮਨਪ੍ਰੀਤ ਸਿੰਘ

ਉਨ੍ਹਾਂ ਕਿਹਾ ਕਿ ਬਹੁਤ ਲੰਬੇ ਸਮੇਂ ਤੋਂ ਸਿੱਖ ਵੋਟ ਨੂੰ ਮਾਮੂਲੀ ਸਮਝਿਆ ਜਾਂਦਾ ਰਿਹਾ ਹੈ ਅਤੇ ਕੰਜ਼ਰਵੇਟਿਵ ਸਰਕਾਰ ਦੇ ਅਧੀਨ ਭਾਈਚਾਰੇ ਨੂੰ ਲਗਾਤਾਰ ਬੇਇਨਸਾਫ਼ੀ ਦਾ ਸਾਹਮਣਾ ਕਰਨਾ ਪਿਆ ਹੈ ਅਤੇ ਸੱਤ ਸਾਲਾਂ ਤੋਂ ਬਿਨਾਂ ਕਿਸੇ ਦੋਸ਼ ਦੇ ਭਾਰਤ ਵਿੱਚ ਨਜ਼ਰਬੰਦ ਰਹੇ ਬਰਤਾਨਵੀ ਨਾਗਰਿਕ ਜਗਤਾਰ ਸਿੰਘ ਜੌਹਲ ਨੂੰ ਕੰਜ਼ਰਵੇਟਿਵ ਸਰਕਾਰ ਬਰਤਾਨੀਆ ਲਿਆਉਣ ਵਿੱਚ ਨਾਕਾਮਯਾਬ ਸਿੱਧ ਹੋਈ ਹੈ। ਉਨ੍ਹਾਂ ਸਪੱਸਟ ਸ਼ਬਦਾਂ ਵਿੱਚ ਕਿਹਾ ਕਿ ਭਾਰਤ ਦੇ ਅਨਿਆਂ ਵਿਰੁੱਧ ਬੋਲਣ ਵਾਲਿਆਂ ਨੂੰ ਚੁੱਪ ਕਰਾਉਣ ਲਈ ਅਨੁਸੂਚੀ 7 ਦੇ ਕਾਨੂੰਨ ਦੀ ਦੁਰਵਰਤੋਂ ਦੇ ਨਾਲ, ਸਰਕਾਰ ਦੀ ਰੋਕਥਾਮ ਰਣਨੀਤੀ ਦੇ ਤਹਿਤ ਸਿੱਖ ਕਾਰਕੁਨਾਂ ਨੂੰ ਗਲਤ ਤਰੀਕੇ ਨਾਲ ਨਿਸ਼ਾਨਾ ਬਣਾਇਆ ਗਿਆ ਹੈ।

ਉਨ੍ਹਾਂ ਨੇ ਕਿਹਾ ਕਿ ਯੂਕੇ ਵਿੱਚ ਹਰ ਸਿੱਖ ਨੂੰ ਆਪਣੇ ਸੰਸਦੀ ਉਮੀਦਵਾਰਾਂ ਤੋਂ ਤਿੰਨ ਅਹਿਮ ਸਵਾਲ ਅਨੁਸੂਚੀ 7 ਦੀ ਦੁਰਵਰਤੋਂ, ਯੂਕੇ ਦੀਆਂ ਨੀਤੀਆਂ 'ਤੇ ਭਾਰਤੀ ਦਬਾਅ, ਅਤੇ ਹਰਿਮੰਦਰ ਸਾਹਿਬ 'ਤੇ ਹਮਲੇ ਅਤੇ ਸਿੱਖ ਨਸਲਕੁਸ਼ੀ ਦੇ 40 ਸਾਲ ਪੂਰੇ ਹੋਣ ਦੇ ਸਮਾਗਮਾਂ ਨੂੰ ਸੰਸਦੀ ਪੱਧਰ 'ਤੇ ਅਧਿਕਾਰਤ ਤੌਰ 'ਤੇ ਯਾਦ ਕਰਨ ਲਈ ਪ੍ਰਚਾਰ ਕਰੋਗੇ ? ਬਾਰੇ ਕਿਹਾ ਗਿਆ ਹੈ।

ਇਸ ਪ੍ਰੈਸ ਕਾਨਫਰੰਸ ਵਿੱਚ ਸੱਤ ਸਾਲਾਂ ਤੋਂ ਜਗਤਾਰ ਸਿੰਘ ਜੌਹਲ ਦੀ ਨਜ਼ਰਬੰਦੀ, ਕੈਨੇਡਾ ਵਿੱਚ ਹਰਦੀਪ ਸਿੰਘ ਨਿੱਝਰ ਦਾ ਬੇਰਹਿਮੀ ਨਾਲ ਕਤਲ, ਅਮਰੀਕਾ ਵਿੱਚ ਗੁਰਪਤਵੰਤ ਸਿੰਘ ਪੰਨੂ ਦੇ ਕਤਲ ਦੀ ਇੱਕ ਨਾਕਾਮ ਸਾਜ਼ਿਸ਼, ਵਿੱਚ ਸਬੂਤਾਂ ਦੇ ਨਾਲ ਭਾਰਤੀ ਰਾਜ ਦੀ ਸ਼ਮੂਲੀਅਤ, ਯੂਕੇ ਵਿੱਚ ਅਵਤਾਰ ਸਿੰਘ ਖੰਡਾ ਦੀ ਸ਼ੱਕੀ ਮੌਤ ਵਰਗੇ ਮੁੱਦੇ ਭਾਰੂ ਰਹੇ। ਉਨ੍ਹਾਂ ਕਿਹਾ ਕਿ ਤਿੰਨਾਂ ਨੇ ਸਿੱਖ ਸਵੈ-ਨਿਰਣੇ ਦੇ ਅਧਿਕਾਰ ਦੀ ਵਕਾਲਤ ਕੀਤੀ ਸੀ ਇਹ ਅਲੱਗ-ਥਲੱਗ ਘਟਨਾਵਾਂ ਨਹੀਂ ਹਨ ਸਗੋਂ ਅੰਤਰ-ਰਾਸ਼ਟਰੀ ਦਮਨ ਦੇ ਵਿਆਪਕ ਪੈਟਰਨ ਦਾ ਹਿੱਸਾ ਹਨ। ਮਨਪ੍ਰੀਤ ਸਿੰਘ ਨੇ ਕਿਹਾ ਕਿ 2023 ਵਿੱਚ, ਸਰਕਾਰ ਨੇ ਕਥਿਤ 'ਖਾਲਿਸਤਾਨੀ ਪੱਖੀ ਕਾਰਕੁੰਨਾਂ' ਦਾ ਮੁਕਾਬਲਾ ਕਰਨ ਲਈ £95,000 ਅਲਾਟ ਕੀਤੇ, ਜਿਸ ਨਾਲ ਸਾਡੇ ਸਵੈ-ਨਿਰਣੇ ਦੇ ਅਧਿਕਾਰ ਨੂੰ ਹੋਰ ਬਦਨਾਮ ਕੀਤਾ ਗਿਆ। ਜਿਕਰਯੋਗ ਹੈ ਕਿ ਬਰਤਾਨੀਆ ਦੀਆਂ ਆਮ ਚੋਣਾ ਵਿੱਚ ਗਾਜਾ ਵਿੱਚ ਲਗਾਤਾਰ ਹੋ ਰਹੀ ਗੋਲੀਬਾਰੀ ਤੇ ਨਸਲਕੁਸ਼ੀ ਤੋ ਇਲਾਵਾ ਅੰਤਰਾਸਟਰੀ ਪੱਧਰ ਉੱਤੇ ਕਸ਼ਮੀਰ ਤੇ ਖਾਲਿਸਤਾਨ ਲਹਿਰ ਵੱਡੀ ਪੱਧਰ ਤੇ ਉੱਭਰ ਕੇ ਸਾਹਮਣੇ ਆਇਆ ਹਨ ਜੋ ਇਨ੍ਹਾਂ ਆਮ ਚੋਣਾਂ ਦੌਰਾਨ ਕਈ ਸੰਸਦੀ ਹਲਕਿਆਂ ਨੂੰ ਪ੍ਰਭਾਵਿਤ ਹੋਣ ਦੀ ਵੱਡੀ ਸੰਭਾਵਨਾਵਾਂ ਹਨ।

### ਪੰਥਕ ਸ਼ਖ਼ਸੀਅਤਾਂ ਤੇ ਪੰਥਕ ਵਕੀਲਾਂ ਦਾ

# ਜਰਮਨੀ ਦੀ ਸੰਗਤ ਵੱਲੋਂ ਗੋਲਡਨ ਕਿਰਪਾਨਾਂ ਤੇ ਮਾਇਆ ਨਾਲ ਵਿਸ਼ੇਸ਼ ਸਨਮਾਨ






**ਅੰਮ੍ਰਿਤਸਰ, 26 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਅਰੰਭੇ ਸੰਘਰਸ਼ ਵਿੱਚ ਸ਼ਹਾਦਤ ਦਾ ਜਾਮ ਪੀਣ ਵਾਲੇ ਖ਼ਾਲਿਸਤਾਨ ਲਿਬਰੇਸ਼ਨ ਫੋਰਸ ਦੇ ਜੁਝਾਰੂ ਸ਼ਹੀਦ ਭਾਈ ਮਹਿਤਾਬ ਸਿੰਘ ਭੰਗੂ ਉਰਫ਼ ਭਾਈ ਹਰਦਿਆਲ ਸਿੰਘ ਦੀ ਯਾਦ ਵਿੱਚ ਮਹਾਨ ਸ਼ਹੀਦੀ ਸਮਾਗਮ ਗੁ. ਬਾਬਾ ਜਵੰਦ ਸਿੰਘ, ਪਿੰਡ ਭੰਗਵਾਂ, ਨੇੜੇ ਜੰਡਿਆਲਾ, ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਵਿਖੇ ਖ਼ਾਲਸਾਈ ਸ਼ਾਨੋ ਸ਼ੌਕਤ ਨਾਲ ਕਰਵਾਇਆ ਗਿਆ। ਸ੍ਰੀ ਸੁਖਮਨੀ ਸਾਹਿਬ ਦੇ ਪਾਠ ਅਤੇ ਕੀਰਤਨ ਉਪਰੰਤ ਪੰਥਕ ਬੁਲਾਰਿਆਂ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ। ਬਾਬਾ ਹਰਭਜਨ ਸਿੰਘ ਜਰਮਨੀ ਅਤੇ ਜਰਮਨ ਦੀ ਸਮੂਹ ਸੰਗਤ ਵੱਲੋਂ ਖ਼ਾਲਸਾ ਪੰਥ ਅਤੇ ਦੇਸ ਪੰਜਾਬ ਦੀਆਂ ਸੇਵਾਵਾਂ ਪ੍ਰਤੀ ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ (ਨਜ਼ਰਬੰਦ ਡਿਬਰੂਗੜ੍ਹ ਜੇਲ੍ਹ) ਦੇ ਪਿਤਾ ਸ. ਤਰਸੇਮ ਸਿੰਘ, ਬੀਬੀ ਪਰਮਜੀਤ ਕੌਰ ਖਾਲੜਾ (ਸੁਪਤਨੀ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ), ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ (ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ), ਭਾਈ ਹਰਪਾਲ ਸਿੰਘ ਬਲੇਰ (ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ) ਅਤੇ ਲੇਖਕ ਡਾ. ਸੁਰਜੀਤ ਸਿੰਘ ਜਰਮਨੀ ਦਾ ਗੋਲਡਨ ਕਿਰਪਾਨਾਂ, ਮੈਡਲਾਂ, ਸ਼ੀਲਡਾਂ, ਸਿਰੋਪੇ ਤੇ ਲੋਈਆਂ ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ। ਵਕੀਲ ਈਮਾਨ ਸਿੰਘ ਖਾਰਾ ਨੂੰ 51 ਹਜ਼ਾਰ ਰੁਪਏ ਤੇ ਵਕੀਲ ਹਰਪਾਲ ਸਿੰਘ ਖਾਰਾ, ਵਕੀਲ ਸਿਮਰਨਜੀਤ ਸਿੰਘ ਨੂੰ ਵੀ ਮਾਇਆ ਭੇਟ ਕੀਤੀ ਗਈ। ਭਾਈ ਚਮਕੌਰ ਸਿੰਘ ਧੁੰਨ, ਭਾਈ ਭੁਪਿੰਦਰ ਸਿੰਘ ਛੇ ਜੂਨ, ਭਾਈ ਗਗਨਦੀਪ ਸਿੰਘ ਸੁਲਤਾਨਵਿੰਡ ਅਤੇ ਸ਼ਹੀਦ ਭਾਈ ਮਹਿਤਾਬ ਸਿੰਘ ਭੰਗੂ ਦੇ ਪਰਿਵਾਰ ਨੂੰ ਵੀ ਸਨਮਾਨਿਆ ਗਿਆ। ਬੁਲਾਰਿਆਂ ਨੇ ਕਿਹਾ ਕਿ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਵੱਲੋਂ ਅਰੰਭਿਆ ਸੰਘਰਸ਼ ਜਾਰੀ ਰਹੇਗਾ ਤੇ ਅਸੀਂ ਸ਼ਹੀਦਾਂ ਦਾ ਸੁਪਨਾ ਜ਼ਰੂਰ ਸਾਕਾਰ ਕਰਾਂਗੇ। ਭਾਈ ਅੰਮ੍ਰਿਤਪਾਲ ਸਿੰਘ ਸਮੇਤ ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰਬੰਦ ਦਸ ਸਿੱਖ ਨੌਜਵਾਨਾਂ ਦੀ ਰਿਹਾਈ ਲਈ ਆਵਾਜ਼ ਵੀ ਬੁਲੰਦ ਕੀਤੀ ਗਈ ਤੇ ਐਨ ਐਸ ਏ ਵਧਾਉਣ ਕਾਰਨ ਪੰਜਾਬ ਸਰਕਾਰ ਦੀ ਕਰੜੀ ਨਿੰਦਾ ਕੀਤੀ ਗਈ। ਇਸ ਮੌਕੇ ਭਾਈ ਕੁਲਦੀਪ ਸਿੰਘ ਭੰਗੂ, ਸ. ਸਿਰਤਾਜ ਸਿੰਘ, ਸ. ਜਸਬੀਰ ਸਿੰਘ ਬੱਚੜੇ, ਸ. ਹਰਮਨਦੀਪ ਸਿੰਘ, ਵਕੀਲ ਜਗਮੋਹਨ ਸਿੰਘ, ਵਕੀਲ ਰਣਜੋਧ ਸਿੰਘ, ਗਿਆਨੀ ਹਰਚਰਨ ਸਿੰਘ ਛੱਜਲਵੱਡੀ ਤੇ ਹੋਰ ਆਗੂ ਹਾਜ਼ਰ ਸਨ।



# ਤਵਾਰੀਖ਼ ਸ਼ਹੀਦ-ਏ-ਖ਼ਾਲਿਸਤਾਨ ਭਾਗ ਦੂਜਾ ਕਿਤਾਬ ਬੀਬੀ ਪਰਮਜੀਤ ਕੌਰ ਖਾਲੜਾ ਵੱਲੋਂ ਜਾਰੀ, ਲੇਖਕ ਭਾਈ ਰਣਜੀਤ ਸਿੰਘ ਦੀ ਕੀਤੀ ਸ਼ਲਾਘਾ



**ਅੰਮ੍ਰਿਤਸਰ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਅਤੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਵੱਲੋਂ ਲਿਖੀ ਤਵਾਰੀਖ਼ ਸ਼ਹੀਦ ਏ ਖ਼ਾਲਿਸਤਾਨ ਭਾਗ ਦੂਜਾ ਕਿਤਾਬ ਮੁੜ ਪ੍ਰਕਾਸ਼ਿਤ ਹੋਈ ਹੈ ਜਿਸ ਦਾ ਦੂਜਾ ਐਡੀਸ਼ਨ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਸੁਪਤਨੀ ਬੀਬੀ ਪਰਮਜੀਤ ਕੌਰ ਖਾਲੜਾ ਵੱਲੋਂ ਗੁ. ਸ੍ਰੀ ਗੁਰੂ ਹਰਿਰਾਏ ਸਾਹਿਬ, ਮਜੀਠਾ ਰੋਡ, ਸ੍ਰੀ ਅੰਮ੍ਰਿਤਸਰ ਵਿਖੇ ਪੰਥਕ ਸਮਾਗਮ ਦੌਰਾਨ ਜਾਰੀ ਕੀਤਾ ਗਿਆ।



ਇਸ ਮੌਕੇ ਬੀਬੀ ਪਰਮਜੀਤ ਕੌਰ ਖਾਲੜਾ ਨੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਉੱਤੇ ਹਮਲੇ ਤੋਂ ਬਾਅਦ ਭਾਰਤੀ ਸੁਰੱਖਿਆ ਫ਼ੋਰਸਾਂ ਵੱਲੋਂ ਭੁੱਖੇ ਸ਼ਿਕਾਰੀਆਂ ਵਾਂਗ ਸਿੱਖ ਨੌਜਵਾਨਾਂ ਦਾ ਸ਼ਿਕਾਰ ਖੇਡਿਆ ਗਿਆ ਤੇ ਅਣਗਿਣਤ ਸਿੱਖ ਅਣਮਨੁੱਖੀ ਤਸ਼ੱਦਦ ਕਰ ਕੇ ਸ਼ਮਸ਼ਾਨ ਘਾਟਾਂ ਅੰਦਰ ਖਪਾ ਦਿੱਤੇ ਗਏ ਤੇ ਨਵਾਂ ਨਾਮ ਦਿੱਤਾ ਗਿਆ ਲਵਾਰਿਸ ਲਾਸ਼ਾਂ ਦਾ। ਮੇਰੇ ਪਤੀ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਨੇ ਇਨ੍ਹਾਂ ਲਾਸ਼ਾਂ ਦੀ ਘੋਖ ਕੀਤੀ ਤੇ ਜ਼ੁਲਮ ਵਿਰੁੱਧ ਆਵਾਜ਼ ਉਠਾਉਂਦਿਆਂ ਆਪਣੀ ਜਾਨ ਦੀ ਅਹੁੱਤੀ ਦੇ ਦਿੱਤੀ। ਸਰਕਾਰੀ ਤਸ਼ੱਦਦ ਦਾ ਸ਼ਿਕਾਰ ਹੋਏ ਤੇ ਜੁਝਾਰੂ ਸਿੰਘਾਂ ਬਾਰੇ ਲਿਖਣ ਦਾ ਬਿਖਮ ਕਾਰਜ ਨੌਜਵਾਨ ਆਗੂ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਵੱਲੋਂ ਕੀਤਾ ਜਾ ਰਿਹਾ ਹੈ ਜਿਸ ਦੀ ਅਸੀਂ ਭਰਪੂਰ ਸ਼ਲਾਘਾ ਕਰਦੇ ਹੋਏ ਅਰਦਾਸ ਕਰਦੇ ਹਾਂ ਕਿ ਉਹ ਇਸੇ ਤਰ੍ਹਾਂ ਹੀ ਪੰਥਕ ਜਜ਼ਬੇ ਨਾਲ ਡਟਿਆ ਰਹੇ।

ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਦੱਸਿਆ ਕਿ 512 ਪੰਨਿਆਂ ਦੀ ਇਸ ਕਿਤਾਬ ਵਿੱਚ 1984 ਤੋਂ 1995 ਤੱਕ ਸ਼ਹੀਦ ਹੋਏ ਨਾਮਵਰ ਅਤੇ ਅਣਗੌਲੇ ਸਿੰਘਾਂ ਸਿੰਘਣੀਆਂ ਦਾ ਇਤਿਹਾਸ ਹੈ ਜੋ ਪੰਥ ਅਤੇ ਪੰਜਾਬ ਦੀ ਆਜ਼ਾਦੀ ਤੇ ਗੁਰਧਾਮਾਂ ਦੀ ਪਵਿੱਤਰਤਾ ਲਈ ਸੀਸ ਵਾਰ ਗਏ ਸਨ। ਇਹ ਕਿਤਾਬ ਪ੍ਰਕਾਸ਼ਕ ਖ਼ਾਲਸਾ ਫ਼ਤਹਿਨਾਮਾ ਵੱਲੋਂ ਸਿੱਖ ਯੂਥ ਆਫ ਅਮਰੀਕਾ ਦੇ ਸਹਿਯੋਗ ਨਾਲ ਛਾਪੀ ਗਈ ਹੈ ਤੇ ਇਸ ਕਿਤਾਬ ਦਾ ਤੀਜਾ ਭਾਗ ਵੀ ਛਪ ਚੁੱਕਾ ਹੈ। ਇਸ ਕਿਤਾਬ ਨੂੰ ਪੜ੍ਹ ਕੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਵੱਲੋਂ ਪੰਥ ਤੇ ਪੰਜਾਬ ਦੇ ਹੱਕਾਂ ਲਈ ਲਾਏ ਧਰਮ ਯੁੱਧ ਮੋਰਚੇ, ਜੂਨ 1984 ਦੇ ਘੱਲੂਘਾਰੇ ਅਤੇ ਇਸ ਤੋਂ ਬਾਅਦ ਖ਼ਾਲਿਸਤਾਨ ਦੀ ਅਜ਼ਾਦੀ ਲਈ ਚੱਲੇ ਹਥਿਆਰਬੰਦ ਸੰਘਰਸ਼, ਸ਼ਹੀਦਾਂ ਦੇ ਮਾਣਮੱਤੇ ਇਤਿਹਾਸ ਅਤੇ ਸਿੱਖ ਕੌਮ ਉੱਤੇ ਹੋਏ ਜ਼ੁਲਮਾਂ ਤੋਂ ਸੰਗਤਾਂ ਜਾਣੂੰ ਹੋਣਗੀਆਂ।

ਇਸ ਮੌਕੇ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਦੀ ਸੁਪਤਨੀ ਬੀਬਾ ਕਮਲਜੀਤ ਕੌਰ ਨਿਹੰਗ, ਭੁਝੰਗੀ ਗੁਰਬਾਜ਼ ਸਿੰਘ ਅਤੇ ਗੁਰਪੰਥ ਪ੍ਰਥਮ ਸਿੰਘ, ਸ. ਬਲਵਿੰਦਰ ਸਿੰਘ ਪੱਖੋਕੇ, ਸ. ਜਗਦੀਸ਼ ਸਿੰਘ ਵਡਾਲਾ, ਜੁਝਾਰੂ ਭਾਈ ਗੁਰਪ੍ਰੀਤ ਸਿੰਘ ਜਾਗੋਵਾਲ, ਬੀਬੀ ਸੁਰਿੰਦਰ ਕੌਰ (ਭੈਣ ਸ਼ਹੀਦ ਭਾਈ ਬਲਵਿੰਦਰ ਸਿੰਘ ਜਟਾਣਾ), ਬੀਬੀ ਕੁਲਵਿੰਦਰ ਕੌਰ (ਸੁਪਤਨੀ ਸ਼ਹੀਦ ਪਰਮਜੀਤ ਸਿੰਘ ਤੁਗਲਵਾਲਾ), ਭਾਈ ਨਿਰਮਲ ਸਿੰਘ (ਸਪੁੱਤਰ ਸ਼ਹੀਦ ਰਸਾਲ ਸਿੰਘ ਆਰਫਕੇ), ਬੀਬੀ ਦਰਸ਼ਨ ਕੌਰ (ਭਾਣਜੀ ਸ਼ਹੀਦ ਮੋਹਰ ਸਿੰਘ), ਭਾਈ ਸੁਰਜੀਤ ਸਿੰਘ ਕੈਨੇਡਾ, ਭਾਈ ਗਗਨਦੀਪ ਸਿੰਘ ਸੁਲਤਾਨਵਿੰਡ ਸਮੇਤ ਹੋਰ ਆਗੂ ਤੇ ਸ਼ਹੀਦਾਂ ਦੇ ਪਰਿਵਾਰ ਹਾਜ਼ਰ ਸਨ।

# ਮੈਂ ਸੌ-ਸੌ ਰੁੱਖ ਪਈ ਲਾਵਾਂ ਰੁੱਖ ਤਾਂ ਹਰੇ-ਭਰੇ

## ਮਾਵਾਂ ਠੰਢੀਆਂ ਛਾਵਾਂ ਛਾਵਾਂ ਕੌਣ ਕਰੇ : ਡਾ.ਜਸਵਿੰਦਰ ਕੌਰ ਸੋਹਲ

ਮਾਂ ਉਹ ਬੈਂਕ ਹੈ ਜਿੱਥੇ ਅਸੀਂ ਆਪਣੀਆਂ ਸਾਰੀਆਂ ਦੁੱਖ- ਤਕਲੀਫ਼ਾਂ ਨੇ ਜਮ੍ਹਾ ਕਰਵਾਉਂਦੇ ਹਾਂ। ਰੱਬ ਹਰ ਥਾਂ ਨਹੀਂ ਹੋ ਸਕਦਾ, ਇਸ ਕਰਕੇ ਉਸ ਨੇ ਮਾਂ ਬਣਾਈ। 'ਮਾਂ' ਇਸ ਸ਼ਬਦ ਨੂੰ ਸੁਣਦਿਆਂ ਸਾਰ ਹੀ ਸਾਡੀਆਂ ਅੱਖਾਂ ਸਾਹਮਣੇ ਆਪਣੀ ਮਾਂ ਦਾ ਚਿਹਰਾ ਆ ਜਾਂਦਾ ਹੈ। ਆਮ ਦੇਖਣ ਵਾਲੀ ਗੱਲ ਹੈ ਕਿ ਜਦੋਂ ਵੀ ਇੱਕ ਛੋਟਾ ਬੱਚਾ ਰੋਂਦਾ ਹੈ, ਉਸ ਨੂੰ ਭਾਵੇਂ ਕਿੰਨੇ ਹੀ ਖਿਡੌਣੇ ਦੇ ਦਿਉ, ਜਦ ਤੱਕ ਉਸ ਦੀ ਮਾਂ ਉਸਨੂੰ ਕੁੱਛੜ ਚੁੱਕ ਕੇ ਪਿਆਰ ਨਹੀਂ ਕਰਦੀ, ਉਸ ਨੂੰ ਪੁਚਕਾਰਦੀ ਨਹੀਂ, ਬੱਚਾ ਚੁੱਪ ਨਹੀਂ ਹੁੰਦਾ।

ਅਸੀਂ ਆਮ ਵੇਖਿਆ ਹੈ ਕਿ ਜਦੋਂ ਵੀ ਕੋਈ ਬੱਚਾ ਡਿੱਗਦਾ ਹੈ ਤਾਂ ਉਸ ਦੇ ਮੂੰਹ ਤੋਂ 'ਹਾਏ ਮੰਮੀ' ਜਾਂ 'ਹਾਏ ਮਾਂ' ਹੀ ਨਿਕਲਦਾ ਹੈ। ਬੱਚਿਆਂ ਦੀ ਕੀ ਅਸੀਂ ਵੱਡੇ ਵੀ ਜੱਦ ਕੋਈ ਦਰਦ ਜਾਂ ਪੀੜ ਮਹਿਸੂਸ ਕਰਦੇ ਹਾਂ ਤਾਂ ਸਾਡੇ ਮੂੰਹੋਂ "ਹਾਏ ਮਾਂ ਜਾਂ ਉਹ ਮਾਂ" ਹੀ ਨਿਕਲਦਾ ਹੈ। ਮਾਂ ਤਾਂ ਰੱਬ ਦਾ ਦੂਜਾ ਰੂਪ ਹੈ। ਸਾਡੀ ਮਾਂ ਸਦਕਾ ਹੀ ਅਸੀਂ ਇਸ ਦੁਨੀਆਂ ਵਿੱਚ ਆਏ ਹਾਂ। ਉਹ ਸਾਡੀ ਮਾਂ ਹੀ ਸੀ ਜਿਹੜੀ ਸਾਰੀ-ਸਾਰੀ ਰਾਤ ਸਾਡੇ ਕੋਲ ਬੈਠ ਕੇ ਪੱਟੀ ਬਦਲਦੀ ਅਤੇ ਰੱਖਦੀ ਸੀ, ਜਦੋਂ ਅਸੀਂ ਬੁਖ਼ਾਰ ਨਾਲ ਬੇਹਾਲ ਬੇਸੁਰਤ ਮੰਜੇ ਤੇ ਪਏ ਹੁੰਦੇ ਸਾਂ। ਸਾਡੇ ਜੀਵਨ ਦੇ ਹਰ ਨਾਜ਼ੁਕ ਮੋੜ ਤੇ ਮਾਂ ਸਾਡੇ ਨਾਲ ਰਹੀ ਹੈ। ਜਦੋਂ ਅਸੀਂ ਸਾਰਾ-ਸਾਰਾ ਸਾਲ ਬਿਨਾਂ ਪੜ੍ਹੇ ਲੰਘਾਏ ਤਾਂ ਪੇਪਰਾਂ ਦੇ ਦਿਨਾਂ ਵਿੱਚ ਇਹ ਮਾਂ ਹੀ ਸਾਡੇ ਕੋਲ ਬੈਠ ਕੇ ਪੜ੍ਹਨ ਦਾ ਹੌਂਸਲਾ ਦਿੰਦੀ ਹੈ। ਮਾਂ ਭਾਵੇਂ ਆਪ ਭੁੱਖੀ ਰਹਿ ਲਵੇ ਉਹ ਆਪਣੇ ਬੱਚਿਆਂ ਨੂੰ ਕਦੇ ਭੁੱਖਾ ਨਹੀਂ ਵੇਖ ਸਕਦੀ। ਆਪਣੇ ਘਰ ਦੇ ਜੀਆਂ ਦੀਆਂ ਇਛਾਵਾਂ ਨੂੰ ਪੂਰਾ ਕਰਨ ਲਈ ਉਹ ਆਪਣੀਆਂ ਇਛਾਵਾਂ ਖ਼ਤਮ ਕਰ ਦਿੰਦੀ ਹੈ। ਜਦੋਂ ਮਾਂ ਘਰ ਵਿੱਚ ਹੁੰਦੀ ਹੈ ਤਾਂ ਇੰਝ ਲੱਗਦਾ ਹੈ ਜਿਵੇਂ ਸਾਰਾ ਘਰ ਇੱਕ ਅਨੁਸ਼ਾਸਨ ਵਿੱਚ ਹੁੰਦਾ ਹੈ, ਪਰ ਜਦੋਂ ਉਹ ਘਰ ਵਿੱਚ ਨਹੀਂ ਹੁੰਦੀ ਤਾਂ ਸਾਹਮਣੇ ਪਈ ਚੀਜ਼ ਵੀ ਇੱਕ ਤਰ੍ਹਾਂ ਅਦਿੱਖ ਜਿਹੀ ਹੋ ਜਾਂਦੀ ਹੈ ਕਿਉਂਕਿ ਸਾਨੂੰ ਮਾਂ ਦੇ ਹੱਥਾਂ ਦੀ ਆਦਤ ਹੋ ਚੁੱਕੀ ਹੁੰਦੀ ਹੈ। ਮਾਂ ਦੇ ਘਰ ਵਿੱਚ ਰਹਿੰਦਿਆਂ ਘਰ ਸਵਰਗ ਵਰਗਾ ਪ੍ਰਤੀਤ ਹੁੰਦਾ ਹੈ।

ਭਾਰੀ ਮੁਸ਼ਿਕਲਾਂ ਦੇ ਆਉਣ ਤੇ ਵੀ ਮਾਂ ਹੀ ਹੱਲ ਲੱਭਦੀ ਹੈ ਤੇ ਸਾਰਿਆਂ ਨੂੰ ਹੌਂਸਲਾ ਦਿੰਦੀ ਹੈ। ਇੱਕ ਅਨਾਥ ਬੱਚੇ ਨੂੰ ਵੇਖ ਕੇ ਮੈਨੂੰ ਮਹਿਸੂਸ ਹੁੰਦਾ ਹੈ ਕਿ ਇਸ ਵਿਚਾਰੇ ਨੇ ਕਦੇ ਕਿਸੇ ਨੂੰ ਮਾਂ ਨਹੀਂ ਕਿਹਾ ਹੋਣਾ।ਇਸਨੂੰ ਕਿਸੇ ਮਮਤਾ ਭਰੇ ਹੱਥਾਂ ਨੇ ਛੂਹਿਆ ਨਹੀਂ ਹੋਣਾ, ਇਸ ਵਿਚਾਰੇ ਨੇ ਕਦੀ ਆਪਣੀ ਮਾਂ ਦੇ ਹੱਥਾਂ ਦਾ ਗਰਮ-ਗਰਮ ਤੇ ਸੁਆਦ ਖਾਣਾ ਨਹੀਂ ਖਾਧਾ ਹੋਣਾ। ਜੇ ਇਸ ਗੱਲ ਨੂੰ ਇੱਕ ਵਾਰੀ ਸੋਚੀਏ ਕਿ ਜੇ ਸਾਡੀ ਮਾਂ ਨਾ ਹੁੰਦੀ ਤਾਂ ਸਾਡਾ ਕੀ ਬਣਦਾ ? ਮਾਂ ਇੱਕ ਦਰੱਖ਼ਤ ਵਾਂਗ ਹੈ ਜੋ ਸਦਾ ਹੀ ਸਾਨੂੰ ਆਸਰਾ ਦੇਣ ਲਈ ਖੜ੍ਹਾ ਰਹਿੰਦਾ ਹੈ ਭਾਵੇਂ ਹਨੇਰੀ ਹੋਵੇ ਜਾਂ ਬਰਸਾਤ, ਭਾਵੇਂ ਗਰਮੀ ਹੋਵੇ ਜਾਂ ਸਰਦੀ। ਸਾਨੂੰ ਰੱਬ ਦਾ ਸ਼ੁਕਰਾਨਾ ਕਰਨਾ ਚਾਹੀਦਾ ਹੈ ਅਤੇ ਆਪਣੀ ਮਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਅੱਜ - ਕੱਲ੍ਹ ਇਹ ਆਮ ਦੇਖਿਆ ਗਿਆ ਹੈ ਕਿ ਥੋੜ੍ਹਾ ਜਿਹਾ ਪੜ੍ਹ - ਲਿੱਖ ਕੇ ਬੱਚੇ ਆਪਣੀ ਮਾਂ ਨੂੰ ਤੁੱਛ ਸਮਝਣ ਲੱਗ ਜਾਂਦੇ ਹਨ। ਜਿਸ ਮਾਂ ਨੇ ਤੰਗੀਆਂ-ਤੁਰਛੀਆਂ ਸਹਿਣ ਕਰਕੇ ਉਹਨਾਂ ਨੂੰ ਕੁਝ ਕਰਨ ਦੇ ਕਾਬਲ ਬਣਾਇਆ ਹੁੰਦਾ ਹੈ, ਉਹ ਵੱਡੇ ਹੋ ਕੇ ਉਸ ਮਾਂ ਤੋਂ ਹੀ ਅਲੱਗ ਹੋ ਕੇ ਰਹਿਣ ਲੱਗ ਪੈਂਦੇ ਹਨ। ਜਿਸ ਵਡੇਰੀ ਉਮਰ 'ਚ ਮਾਂ ਨੂੰ ਛੱਡ ਜਾਣਾ ਕਿੰਨਾ ਕੁ ਜਾਇਜ਼ ਹੈ ? ਉਹਨਾਂ ਬੱਚਿਆਂ ਨੂੰ ਮਾਂ ਦੀ ਅਹਿਮੀਅਤ ਪੁੱਛ ਕੇ ਦੇਖੋ, ਜਿਹਨਾਂ ਦੀ ਮਾਂ ਨਹੀਂ ਹੁੰਦੀ। ਉਹ ਇਨਸਾਨ ਬਹੁਤ ਹੀ ਅਭਾਗੇ ਹਨ ਜੋ ਕਿ ਇਸ ਦੇ ਮੁੱਲ ਨੂੰ ਨਹੀਂ ਜਾਣ ਪਾਉਂਦੇ। ਸਾਨੂੰ ਆਪਣੀ ਮਾਂ ਦੇ ਹਰ ਹੁਕਮ ਨੂੰ ਖਿੜੇ ਮੱਥੇ ਪ੍ਰਵਾਨ ਕਰਨਾ ਚਾਹੀਦਾ ਹੈ ਅਤੇ ਮਾਂ ਨੂੰ ਹਰ ਖੁਸ਼ੀ ਦੇਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ••

**ਸਮੇਂ ਸਿਰ ਪਤਾ ਲੱਗ ਗਿਆ, ਨਹੀਂ ਤਾਂ ਕਈ ਪਿੰਡ ਡੁੱਬ ਸਕਦੇ ਸਨ**

# ਭਾਖੜਾ ਬ੍ਰਾਂਚ ਟੁੱਟਣ ਕਾਰਨ ਹਰਿਆਣਾ ਤੇ ਪੰਜਾਬ ਦੀ ਸੈਂਕੜੇ ਏਕੜ ਫਸਲ ਡੁੱਬੀ







ਤਲਵੰਡੀ ਸਾਬੋ, 26 ਜੂਨ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਹੱਦ 'ਤੇ ਸੂਰਤੀਆ ਤੋਂ ਲੰਘਦੀ ਭਾਖੜਾ ਬਰਾਂਚ 'ਚ ਲੀਕੇਜ ਹੋਣ ਕਾਰਨ ਦਰਾੜ ਕਾਫੀ ਵੱਧ ਗਈ ਸੀ, ਜਿਸ ਕਾਰਨ ਸੈਂਕੜੇ ਏਕੜ ਫ਼ਸਲ ਪਾਣੀ ਵਿਚ ਡੁੱਬ ਗਈ ਸੀ। ਪੰਜਾਬ ਖੇਤਰ ਦੇ ਪਿੰਡ ਸੂਰਤੀਆ ਨੇੜੇ ਬੁਰਜੀ ਨੰਬਰ 2 ਲੱਖ 40 ਹਜ਼ਾਰ 200 ਦੀ ਭਾਖੜਾ ਬ੍ਰਾਂਚ 'ਚੋਂ ਲੀਕੇਜ ਹੋਣ ਦੀ ਸੂਚਨਾ ਮਿਲਣ 'ਤੇ ਪਿੰਡ ਦੇ ਲੋਕ ਵੱਡੀ ਗਿਣਤੀ 'ਚ ਮੌਕੇ 'ਤੇ ਪਹੁੰਚੇ ਪਰ ਪਾਣੀ ਦੇ ਤੇਜ਼ ਵਹਾਅ ਕਾਰਨ ਕੋਈ ਵੀ ਇਸ ਨੂੰ ਰੋਕ ਨਹੀਂ ਸਕਿਆ। ਪਾਣੀ ਰੋਕਣ ਦੀ ਵਿਧੀ ਸਮਝ ਨਾ ਆਉਣ ਕਾਰਨ ਰੋੜੀ ਤੋਂ ਜੇ.ਸੀ.ਬੀ. ਬੁਲਾਈ ਗਈ। ਘਟਨਾ ਦੀ ਸੂਚਨਾ ਮਿਲਦੇ ਹੀ ਪੰਜਾਬ ਅਤੇ ਹਰਿਆਣਾ ਦੇ ਸਿੰਚਾਈ ਵਿਭਾਗ ਦੇ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਅਤੇ ਸਥਿਤੀ ਦਾ ਜਾਇਜ਼ਾ ਲਿਆ। ਦੱਸਿਆ ਜਾ ਰਿਹਾ ਹੈ ਕਿ ਨਹਿਰ ਦੇ ਬਿਲਕੁਲ ਹੇਠਾਂ ਤੋਂ ਪਾਣੀ ਲੀਕ ਹੋਣ ਕਾਰਨ ਪਾਣੀ ਦੇ ਤੇਜ਼ ਵਹਾਅ ਕਾਰਨ ਪਾੜ ਵਧ ਗਿਆ। ਜਿਵੇਂ ਹੀ ਜੇਸੀਬੀ ਦੀ ਮਦਦ ਨਾਲ ਪਾੜ ਪੂਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਅਚਾਨਕ ਜੇਸੀਬੀ ਪਾਣੀ ਦੇ ਵਿੱਚ ਧਸ ਗਈ, ਜਿਸ ਕਾਰਨ ਜੇਸੀਬੀ ਦਾ ਕਾਫੀ ਨੁਕਸਾਨ ਹੋ ਗਿਆ, ਹਾਲਾਂਕਿ ਡਰਾਈਵਰ ਵਾਲ-ਵਾਲ ਬਚ ਗਿਆ। ਬੀਤੀ ਰਾਤ ਸੈਂਕੜੇ ਲੋਕ ਮੌਕੇ 'ਤੇ ਪਾੜ ਪੂਰਨ ਦੀ ਕੋਸ਼ਿਸ਼ ਕਰਦੇ ਰਹੇ, ਜਦੋਂ ਕਿ ਸਿੰਚਾਈ ਵਿਭਾਗ ਨੇ ਦਰਜਨ ਤੋਂ ਵੱਧ ਟਰੈਕਟਰ ਟਰਾਲੀਆਂ, 4 ਜੇਸੀਬੀ ਅਤੇ ਇੱਕ ਪੋਕਲੇਨ ਸਮੇਤ ਕਈ ਮਜ਼ਦੂਰਾਂ ਨੂੰ ਬੁਲਾ ਲਿਆ। ਗੋਹਾਨਾ ਹੈੱਡ ਤੋਂ ਪਾਣੀ ਬੰਦ ਕਰ ਦਿੱਤਾ ਗਿਆ ਸੀ, ਪਾਣੀ ਦਾ ਪੱਧਰ ਘਟਦੇ ਹੀ ਬੀਤੇ ਦਿਨ ਦਰਾੜ ਨੂੰ ਭਰਨ ਲਈ ਯਤਨ ਸ਼ੁਰੂ ਕੀਤੇ ਗਏ ਅਤੇ ਦਰਾੜ ਨੂੰ ਭਰ ਦਿੱਤਾ ਗਿਆ ਅਤੇ ਨਹਿਰ ਵਿੱਚ ਪਾਣੀ ਛੱਡਿਆ ਗਿਆ। ਕਿਸਾਨਾਂ ਨੇ ਦੱਸਿਆ ਕਿ ਇਸ ਪਾਣੀ ਨਾਲ ਸੂਰਤੀਆ ਅਤੇ ਪੰਜਾਬ ਖੇਤਰ ਦੇ ਪਿੰਡ ਜਗਤਗੜ੍ਹ ਬਾਂਦਰ ਅਤੇ ਨਥੇਹਾ ਦੇ ਕਿਸਾਨਾਂ ਦੀਆਂ ਫਸਲਾਂ ਦਾ ਨੁਕਸਾਨ ਹੋਇਆ ਹੈ। ਕਿਸਾਨਾਂ ਨੇ ਦੱਸਿਆ ਕਿ ਹਰਿਆਣਾ ਅਤੇ ਪੰਜਾਬ ਵਿੱਚ ਕਰੀਬ 150 ਏਕੜ ਝੋਨਾ, ਨਰਮਾ ਅਤੇ ਮੂੰਗੀ ਦੀ ਫ਼ਸਲ ਪਾਣੀ ਵਿੱਚ ਡੁੱਬ ਗਈ ਹੈ। ਦੱਸ ਦੇਈਏ ਕਿ ਸੂਚਨਾ ਮਿਲਦੇ ਹੀ ਪੰਜਾਬ ਦੇ ਸਿੰਚਾਈ ਵਿਭਾਗ ਤੋਂ ਹਰਪ੍ਰੀਤ ਸਿੰਘ ਆਪਣੀ ਟੀਮ ਸਮੇਤ ਪਹੁੰਚੇ, ਜਦਕਿ ਹਰਿਆਣਾ ਦੇ ਸਿੰਚਾਈ ਵਿਭਾਗ ਦੇ ਐਸ.ਡੀ.ਓ ਧਰਮਪਾਲ ਅਤੇ ਹੋਰ ਕਰਮਚਾਰੀ ਮੌਕੇ 'ਤੇ ਪਹੁੰਚੇ ਅਤੇ ਸਥਿਤੀ ਦੀ ਜਾਣਕਾਰੀ ਲਈ ਅਤੇ ਨਹਿਰ 'ਚ ਪਾਣੀ ਛੱਡਿਆ ਗਿਆ।

**ਰਾਤ ਭਰ ਚੱਲਦਾ ਰਿਹਾ ਦਰਾਰ ਭਰਨ ਦਾ ਕੰਮ, ਨਹਿਰ ਵਿੱਚ ਛੱਡਿਆ ਗਿਆ ਪਾਣੀ**

# ਐਸ. ਜੀ. ਪੀ. ਸੀ. ਵੱਲੋਂ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ



**ਚੌਕ ਮਹਿਤਾ, 26 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਅਤੇ SGPC ਮੈਂਬਰ ਸ੍ਰ ਅਮਰਜੀਤ ਸਿੰਘ ਬੰਡਾਲਾ ਦੀ ਦੇਖ ਰੇਖ ਹੇਠ ਚੱਲ ਰਹੀਆ ਵੱਖ ਵੱਖ ਪਿੰਡਾਂ ਚ 14 ਗੁਰਮਤਿ ਸੰਗੀਤ ਅਕੈਡਮੀਆ ਚੱਲ ਰਹੀਆਂ ਹਨ ।ਜਿੰਨਾ ਵਿਚ ਵਿਦਿਆਰਥੀਆ ਨੂੰ ਫ੍ਰੀ ਗੁਰਮਤਿ ਅਤੇ ਸੰਗੀਤ ਦੀ ਸਿਖਲਾਈ ਦਿੱਤੀ ਜਾ ਰਹੀ ਹੈ ਬਿਤੇ ਦਿਨੀ ਪਿੰਡ ਬੰਡਾਲਾ ਅਕੈਡਮੀ ਵਿਚ ਗੁਰਮਤਿ ਸਮਾਗਮ ਰੱਖਿਆ ਗਿਆ ਜਿਸ ਵਿਚ 20 ਦਿਨ ਬੱਚਿਆਂ ਨੂੰ ਗੁਰ ਇਤਿਹਾਸ ਤੇ ਰਹਿਤ ਮਰਿਆਦਾ ਬਾਰੇ ਜਾਣੂ ਕਰਵਾਇਆ ਗਿਆ ਤੇ ਫਿਰ ਲਿਖਤੀ ਪੇਪਰ ਲੈ ਕੇ ਅਵਲ ਆਏ ਵਿਦਿਆਰਥੀਆ ਨੂ ਸਨਮਾਨਿਤ ਕੀਤਾ ਗਿਆ। ਇਸ ਮੋਕੇ ਜਥੇ ? ਅਮਰਜੀਤ ਸਿੰਘ ਬੰਡਾਲਾ ਮੈਂਬਰ SGPC ਭਾਈ ਜਵਾਲਾ ਸਿੰਘ ਜਾਣੀਆਂ ਡਾ ਦਲਜੀਤ ਸਿੰਘ ਚੀਮਾ ਕਥਾ ਵਾਚਕ ਭਾਈ ਸੁਖਮਨਜੀਤ ਸਿੰਘ ਬੰਡਾਲਾ ਭਾਈ ਜੱਜ ਸਾਹਿਬਸਿੰਘ ਭਾਈ ਰਾਜਵਿੰਦਰ ਸਿੰਘ ਗ੍ਰੰਥੀ ਭਾਈ ਜਗਤਾਰ ਸਿੰਘ ਅਤੇ ਹੋਰ ਬੇਅੰਤ ਸੰਗਤਾਂ ਮੋਜੂਦ ਸਨ

# ਅੰਮ੍ਰਿਤਸਰ ਮਹਿਤਾ ਰੋਡ ਨਿਰਮਾਣ ਦਾ ਕੰਮ ਠੱਪ ਹੋਣ ਤੋਂ ਦੁਕਾਨਦਾਰ ਤੇ ਇਲਾਕੇ ਦੇ ਲੋਕ ਦੁਖੀ



**ਚੌਕ ਮਹਿਤਾ, 26 ਜੂਨ, ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਅੰਮ੍ਰਿਤਸਰ ਮਹਿਤਾ ਰੋਡ ਜਿਸ ਨੂੰ ਚੌੜਿਆਂ ਕਰਕੇ ਬਣਾਉਣ ਦਾ ਕੰਮ ਬੜੀ ਤੇਜ਼ੀ ਨਾਲ ਸ਼ੁਰੂ ਕੀਤਾ ਗਿਆ ਸੀ ਇੱਥੋਂ ਤੱਕ ਕਿ ਕਸਬਿਆਂ ਵਿਚਲੇ ਦੁਕਾਨਦਾਰਾਂ ਨੂੰ ਬੜੀ ਸਖਤੀ ਨਾਲ ਉਜਾੜਿਆ ਗਿਆ ਸੀ ਇੰਝ ਲੱਗਦਾ ਸੀ ਕਿ ਸਾਇਦ 2024 ਵਿੱਚ ਹੀ ਇਸ ਸੜਕ ਦਾ ਕੰਮ ਨਿਪਰੇ ਚੜ ਜਾਵੇ ਪਰ ਪਿਛਲੇ ਕੁਝ ਸਮੇਂ ਤੋਂ ਸੁਸਤ ਚਾਲ ਤੇ ਬੰਦ ਪਏ ਸੜਕ ਦੇ ਨਿਰਮਾਣ ਦੇ ਕੰਮ ਕਾਰਨ ਜਿੱਥੇ ਦੁਕਾਨਦਾਰਾਂ ਦੀ ਮਸ਼ੀਨਰੀ ਦਾ ਨੁਕਸਾਨ ਹੋ ਰਿਹਾ ਹੈ ਉੱਥੇ ਇਹ ਮਿਸਾਲ ਵੀ ਪੈਦਾ ਕਰ ਦਿੱਤੀ ਹੈ ਕਿ ਸੜਕ ਬਣੇ ਜਾਂ ਨਾ ਬਣੇ ਪਰ ਆਮ ਲੋਕਾਂ ਦਾ ਉਜਾੜਾ ਕਰਕੇ ਸਰਕਾਰ ਨੇ ਦੁਕਾਨਦਾਰਾਂ ਨੂੰ ਕੱਖੋਂ ਹੋਲੀ ਕਰ ਦਿੱਤਾ ਅੰਮ੍ਰਿਤਸਰ ਮਹਿਤਾ ਰੋਡ ਦੇ ਅੱਡਾ ਖੁਜਾਲਾ, ਡੱਡੂਆਣਾ ,ਬੋਪਾਰਾਏ, ਚੁਗਾਵਾਂ, ਨਾਥ ਦੀ ਖੂਹੀ, ਗੁਰੂ ਕੀ ਬੇਰ ਸਾਹਿਬ ਦੇ ਦੁਕਾਨਦਾਰਾਂ ਨੇ ਦੱਸਿਆ ਕਿ ਇਹ ਸੜਕ ਬਣਾਉਣ ਦਾ ਕੰਮ ਇਸ ਵੇਲੇ ਠੱਪ ਹੋ ਚੁੱਕਾ ਹੈ ਦੁਕਾਨਦਾਰਾਂ ਨੂੰ ਉਜਾੜ ਕੇ ਮਹਿੰਗੇ ਰੇਟ ਕਿਰਾਏ ਤੇ ਦੁਕਾਨਾਂ ਲੈਣ ਲਈ ਮਜਬੂਰ ਕੀਤਾ ਗਿਆ ਸੀ ਦੁਕਾਨਦਾਰ ਤੇ ਇਲਾਕੇ ਦੇ ਲੋਕ ਇਸ ਗੱਲ ਤੋਂ ਖੁਸ਼ ਸਨ ਕਿ ਸੜਕ ਸ਼ਾਇਦ ਬਣ ਜਾਵੇ ਪਰ ਪਿਛਲੇ ਕਰੀਬ ਡੇਢ ਸਾਲ ਤੋਂ ਲੋਕ ਮਿੱਟੀ ਘੱਟਾ ਫਕ ਰਹੇ ਹਨ ਸੜਕ ਵਿੱਚ ਲੱਗੇ ਮਿੱਟੀ ਦੇ ਢੇਰ ਮਸ਼ੀਨਰੀ ਖਰਾਬ ਕਰ ਰਹੇ ਹਨ ਬੱਸਾਂ ਕਾਰਾਂ ਤੇ ਹੋਰ ਵਹੀਕਲਾ ਰਾਹੀਂ ਇਹ ਮਿੱਟੀ ਘੱਟਾ ਸਿੱਧਾ ਦੁਕਾਨਦਾਰਾਂ ਦੀਆਂ ਦੁਕਾਨਾਂ ਵਿੱਚ ਆ ਰਿਹਾ ਹੈ ਜਿਸ ਨਾਲ ਦੁਕਾਨਦਾਰਾਂ ਦਾ ਵੱਡਾ ਨੁਕਸਾਨ ਹੋ ਰਿਹਾ ਹੈ। ਪਹਿਲਾਂ ਤਾਂ ਸੜਕ ਨਿਰਵਾਣ ਕਰਨ ਵਾਲੀ ਕੰਪਨੀ ਵੱਲੋਂ ਸੜਕ ਤੇ ਪਾਣੀ ਪਾਇਆ ਜਾਂਦਾ ਸੀ ਪਰ ਹੁਣ ਕਾਫੀ ਚਿਰ ਤੋਂ ਇਹ ਵੀ ਬੰਦ ਹੈ ਅੱਡਾ ਖੁਜਾਲਾ ਦੇ ਦੁਕਾਨਦਾਰਾਂ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਚੰਗੇ ਭਲੇ ਵੱਸਦੇ ਲੋਕਾਂ ਦਾ ਉਜਾੜਾ ਕਰਕੇ ਰੱਖ ਦਿੱਤਾ ਸੀ ਪਰ ਹੁਣ ਕਰੀਬ ਤਿੰਨ ਮਹੀਨਿਆਂ ਤੋਂ ਇਹ ਕੰਮ ਬਿਲਕੁਲ ਬੰਦ ਪਿਆ ਹੈ ਕਿਸੇ ਵੀ ਥਾਂ ਤੇ ਸੜਕ ਦਾ ਕੰਮ ਨਹੀਂ ਚੱਲ ਰਿਹਾ ਇਥੋਂ ਤੱਕ ਕਿ ਪਿੰਡ ਬੋਪਾਰਾਏ ਦੇ ਕੋਲ ਬਣੇ ਸੜਕ ਨਿਰਮਾਣ ਦੇ ਪਲਾਟ ਵਿੱਚ ਵੀ ਉਜਾੜਾ ਦਿਖ ਰਿਹਾ ਹੈ ਕਿਉਂਕਿ ਕੋਈ ਵੀ ਮੁਲਾਜ਼ਮ ਉਥੇ ਮੌਜੂਦ ਨਹੀਂ ਹੈ ਇਸ ਸਬੰਧੀ ਪਲਾਟ ਤੇ ਸਥਿਤ ਮੁਲਾਜ਼ਮਾਂ ਨਾਲ ਜਦੋਂ ਸੰਪਰਕ ਕਰਕੇ ਜਾਨਣ ਦੀ ਕੋਸ਼ਿਸ਼ ਕੀਤੀ ਗਈ ਕਿ ਇਹ ਸੜਕ ਕਦੋਂ ਬਣੇਗੀ ਤਾਂ ਉਹਨਾਂ ਦਾ ਜਵਾਬ ਸੀ ਕਿ ਸਾਨੂੰ ਕੁਝ ਪਤਾ ਨਹੀਂ, ਇਲਾਕੇ ਦੇ ਲੋਕਾਂ ਨੇ ਪੰਜਾਬ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਮਹਿਤਾ ਰੋਡ ਸੜਕ ਦਾ ਕੰਮ ਜਲਦ ਮੁਕੰਮਲ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਰਿਹਾਈ ਨੂੰ ਲੈ ਕੇ

# ਪੰਥ ਦਰਦੀਆਂ ਦੀ ਅੰਮ੍ਰਿਤਸਰ ਵਿਖੇ ਹੋਈ ਅਹਿਮ ਇਕੱਤਰਤਾ



ਅੰਮ੍ਰਿਤਸਰ 26 ਜੂਨ ( ) ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੀ ਗੈਰ ਕਾਨੂੰਨੀ ਹਿਰਾਸਤ ਦੇ ਮੱਦੇਨਜ਼ਰ ਉਹਨਾਂ ਦੀ ਰਿਹਾਈ ਦੇ ਸਬੰਧ ਵਿੱਚ ਅੱਜ ਕੌਮੀ ਦਰਦ ਰੱਖਣ ਵਾਲੇ ਪੰਥ ਦਰਦੀਆਂ ਵੱਲੋਂ ਅੰਮ੍ਰਿਤਸਰ ਵਿਖੇ ਇਕ ਅਹਿਮ ਇਕੱਤਰਤਾ ਕੀਤੀ ਗਈ। ਇਸ ਪੰਥਕ ਇਕੱਤਰਤਾ ਵਿੱਚ ਮੁੱਖ ਤੌਰ ਤੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੀ ਇਲੈਕਸ਼ਨ ਕੰਪੇਨ ਦੇ ਮੁੱਖ ਦਫ਼ਤਰ ਸਕੱਤਰ ਭਾਈ ਸੁਰਿੰਦਰਪਾਲ ਸਿੰਘ ਜੀ ਤਾਲਿਬਪੁਰਾ, ਭਾਈ ਹਰਜੀਤ ਸਿੰਘ ਜੀ ਪੁਰੇਵਾਲ ਪੁਰਾਣੇ ਫੈਡਰੇਸ਼ਨ ਆਗੂ ਤੇ ਸਿਆਸੀ ਮਾਮਲਿਆਂ ਦੇ ਮਾਹਿਰ, ਭਾਈ ਕੁਲਬੀਰ ਸਿੰਘ ਜੀ ਗੰਡੀਵਿੰਡ ( ਜੋਧਪੁਰੀ ), ਫੈਡਰੇਸ਼ਨ ਆਗੂ ਭਾਈ ਮਧੂਪਾਲ ਸਿੰਘ ਜੀ ਗੋਗਾ, ਭਾਈ ਮਨਜੀਤ ਸਿੰਘ ਜੀ ਠਰੂ ਰਾਜ ਖ਼ਾਲਸਾ, ਭਾਈ ਸਤਵਿੰਦਰ ਸਿੰਘ ਜੀ ਸਾਂਘਣਾ ( ਸਾਬਕਾ ਮੈਂਬਰ ਪੰਚਾਇਤ), ਭਾਈ ਪਰਵਿੰਦਰ ਸਿੰਘ ਜੀ ਅੰਤਰਜਾਮੀ ਕਲੋਨੀ, ਭਾਈ ਮਨਜੀਤ ਸਿੰਘ ਜੀ ਸੈਣੀ, ਭਾਈ ਹਰਜੀਤ ਸਿੰਘ ਜੀ ਖ਼ਾਲਸਾ, ਭਾਈ ਹਰੀ ਸਿੰਘ ਜੀ, ਭਾਈ ਹਰਪ੍ਰੀਤ ਸਿੰਘ ਜੀ, ਭਾਈ ਸੌਦਾਗਰ ਸਿੰਘ ਜੀ ਅਕਾਲੀ ਅਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਭਾਗ ਲਿਆ। ਇਸ ਮੌਕੇ ਸਮੂਹ ਪੰਥ ਦਰਦੀਆਂ ਨੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਰਿਹਾਈ ਨਾਂ ਹੋਣ ਕਾਰਨ ਬਤੌਰ ਲੋਕ ਸਭਾ ਮੈਂਬਰ ਵੱਜੋਂ ਸੋਹੁੰ ਚੁੱਕ ਸਮਾਗਮ ਵਿੱਚ ਸ਼ਾਮਲ ਨਾ ਕੀਤੇ ਜਾਣ ਤੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਬਿਆਨ ਜਾਰੀ ਕਰਦਿਆਂ ਸਾਂਝੇ ਰੂਪ ਵਿੱਚ ਕਿਹਾ ਕਿ ਖਡੂਰ ਸਾਹਿਬ ਹਲਕੇ ਦੇ ਲੋਕਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਜੀ ਨੂੰ ਭਾਰਤ ਦੀ ਲੋਕਤੰਤਰ ਪ੍ਰਣਾਲੀ ਰਾਹੀਂ ਭਾਰੀ ਬਹੁਮਤ ਨਾਲ ਜਿੱਤਾ ਕੇ ਇਕ ਵੱਡਾ ਰਿਕਾਰਡ ਕਾਇਮ ਕੀਤਾ ਹੈ, ਪ੍ਰੰਤੂ ਸਰਕਾਰਾਂ ਭਾਈ ਸਾਹਿਬ ਦੀ ਚੜ੍ਹਤ ਤੋਂ ਖੌਫ਼ਜ਼ਦਾ ਹਨ ਜਿਸ ਕਾਰਨ ਉਹਨਾਂ ਦੀ ਰਿਹਾਈ ਨਹੀਂ ਕੀਤੀ ਜਾ ਰਹੀ, ਜਿਸ ਕਾਰਨ ਸਮੁੱਚੇ ਸਿੱਖ ਪੰਥ ਅੰਦਰ ਭਾਰੀ ਰੋਸ ਹੈ ਅਤੇ ਸਰਕਾਰ ਨੂੰ ਇਸ ਰੋਸ ਦਾ ਸਾਹਮਣਾਂ ਵੀ ਕਰਨਾਂ ਪੈ ਸਕਦਾ ਹੈ।

**ਭਾਈ ਅੰਮ੍ਰਿਤਪਾਲ ਸਿੰਘ ਵੱਲੋਂ ਚਲਾਈ ਗਈ "ਖਾਲਸਾ ਵਹੀਰ" ਦੇ ਅੰਤਰਗਤ ਨੌਜਵਾਨਾਂ ਵਿੱਚ ਚੇਤਨਾਂ ਭਰਨ ਲਈ ਕਰਵਾਏ ਜਾਣਗੇ ਨਸ਼ਾ ਵਿਰੋਧੀ ਸੈਮੀਨਾਰ : ਪੰਥਕ ਆਗੂ**

ਉਹਨਾਂ ਕਿਹਾ ਕਿ ਸਮੁੱਚਾ ਸਿੱਖ ਪੰਥ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਰਿਹਾਈ ਨੂੰ ਲੈਕੇ ਇਕਸੁਰ ਹੈ। ਇਸ ਕਰਕੇ ਕੇਂਦਰ ਸਰਕਾਰ ਸੰਵਿਧਾਨਿਕ ਤੌਰ ਤੇ ਬਿਨਾਂ ਦੇਰੀ ਭਾਈ ਅੰਮ੍ਰਿਤਪਾਲ ਸਿੰਘ ਜੀ ਨੂੰ ਬਤੌਰ ਲੋਕ ਸਭਾ ਮੈਂਬਰ ਵੱਜੋਂ ਸੋਂਹ ਚੁਕਾਵੇ ਅਤੇ ਨਾਲ ਹੀ ਉਨ੍ਹਾਂ ਤੋਂ NSA ਹਟਾ ਕੇ ਜੇਲ ਵਿੱਚੋਂ ਤੁਰੰਤ ਰਿਹਾਅ ਕੀਤਾ ਜਾਵੇ ਤਾਂ ਜੋ ਉਹ ਆਪਣੇ ਹਲਕੇ ਦੇ ਲੋਕਾਂ ਵਿੱਚ ਵਿਚਰ ਸਕਣ। ਇਸ ਮੌਕੇ ਤੇ ਸਮੂਹ ਪੰਥਕ ਲੀਡਰਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਸਿੰਘ ਵੱਲੋਂ ਪਿਛਲੇ ਸਮੇਂ ਦੌਰਾਨ ਚਲਾਈ ਗਈ "ਖ਼ਾਲਸਾ ਵਹੀਰ" ਦੇ ਅੰਤਰਗਤ ਪੰਜਾਬ ਨੌਜਵਾਨ ਪੀੜੀ ਵਿੱਚ ਸਮਾਜਿਕ ਬੁਰਾਈਆਂ ਖ਼ਾਸ ਕਰ ਮਾਰੂ ਨਸ਼ਿਆਂ ਦੇ ਖਿਲਾਫ ਚੇਤਨਾਂ ਭਰਨ ਲਈ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਸੈਮੀਨਾਰ ਕਰਵਾਉਣ ਦਾ ਪ੍ਰੋਗਰਾਮ ਉਲੀਕੇ ਜਾਣ ਦੀ ਵੀ ਗੱਲ ਕਹੀ ਜਿਸ ਦੀ ਰੂਪ ਰੇਖਾ ਜਲਦ ਹੀ ਉਲੀਕੀ ਜਾਵੇਗੀ। ਉਹਨਾਂ ਕਿਹਾ ਕਿ ਜਿਸ ਤਰਾਂ ਇਸ ਮੌਕੇ ਸਾਡੀ ਅਜੋਕੀ ਨੌਜਵਾਨੀ ਨੂੰ ਨਸ਼ਿਆਂ ਨੇ ਜਕੜਿਆ ਹੋਇਆ ਪ੍ਰੰਤੂ ਇਸੇ ਦੇ ਉਲਟ ਭਾਈ ਅੰਮ੍ਰਿਤਪਾਲ ਸਿੰਘ ਜੀ ਵੱਲੋਂ ਚਲਾਈ ਖ਼ਾਲਸਾ ਵਹੀਰ ਨੇ ਪੰਜਾਬ ਦੇ ਲੋਕਾਂ ਦੇ ਦਿਲਾਂ ਵਿੱਚ ਇਕ ਵੱਖਰੀ ਛਾਪ ਛੱਡੀ ਹੈ ਅਤੇ ਸਿੱਖੀ ਦੇ ਫਲਸਫੇ ਚੋਂ ਉਪਜੀ ਇਸ ਲਹਿਰ ਨੂੰ ਸੰਜੀਵਨੀ ਦੇ ਰੂਪ ਵਿੱਚ ਸੈਮੀਨਾਰਾਂ ਦੇ ਰਾਹੀਂ ਘਰ-ਘਰ ਤੇ ਸਕੂਲਾਂ ਕਾਲਜਾਂ ਤੱਕ ਪਹੁੰਚਾਇਆ ਜਾਵੇਗਾ।

### ਬਾਦਲ ਦਲ ਵੱਲੋਂ ਕੌਮ ਪ੍ਰਤੀ ਕੀਤੀਆ ਬਜਰ ਗੁਸਤਾਖੀਆਂ ਅਤੇ

# ਗੈਰ-ਜਿੰਮੇਵਰਾਨਾਂ ਅਮਲਾਂ ਦੀ ਬਦੌਲਤ ਹੀ ਪਾਰਟੀ ਹੋਈ ਦੋਫਾੜ : ਮਾਨ



**ਨਵੀਂ ਦਿੱਲੀ, 26 ਜੂਨ (ਮਨਪ੍ਰੀਤ ਸਿੰਘ ਖਾਲਸਾ):-** "ਅਕਾਲੀ ਦਲ ਬਾਦਲ ਪਾਰਟੀ ਜੋ ਅੱਜ ਦੋ ਗਰੁੱਪਾਂ ਵਿਚ ਵੰਡੀ ਗਈ ਹੈ, ਉਸ ਪਿੱਛੇ ਪ੍ਰਤੱਖ ਕਾਰਨ ਇਹ ਹਨ ਕਿ ਇਨ੍ਹਾਂ ਨੇ ਮੁਤੱਸਵੀ ਹਿੰਦੂਤਵ ਬੀਜੇਪੀ ਪਾਰਟੀ ਦਾ ਗੁਲਾਮ ਬਣਕੇ 1996 ਵਿਚ ਮੋਗਾ ਵਿਖੇ ਅਕਾਲੀ ਦਲ ਦੀ 75ਵੀ ਵਰ੍ਹੇਗੰਢ ਮਨਾਉਦੇ ਹੋਏ ਕੀਤੇ ਗਏ ਮੋਗਾ ਇਕੱਠ ਵਿਚ ਪਾਰਟੀ ਦੀ ਪੰਥਕ ਅਤੇ ਪੰਜਾਬ ਪ੍ਰਤੀ ਦਿੱਖ ਨੂੰ ਖਤਮ ਕਰਕੇ, ਆਪਣੇ ਭਾਈਵਾਲ ਮੁਤੱਸਵੀ ਜਮਾਤ ਬੀਜੇਪੀ ਨੂੰ ਖੁਸ ਕਰਨ ਲਈ ਪੰਜਾਬੀ ਪਾਰਟੀ ਦੇ ਤੌਰ ਤੇ ਨਵੀ ਪੰਥ ਵਿਰੋਧੀ ਪਹਿਚਾਣ ਦੇ ਦਿੱਤੀ ।ਉਸ ਉਪਰੰਤ ਇਹ ਅਕਾਲੀ ਦਲ ਬਾਦਲ ਆਪਣੀ ਪੰਥਕ ਸਿਧਾਤਾਂ, ਸੋਚ ਤੋ ਦਿਨ-ਬ-ਦਿਨ ਨਿਘਾਰ ਵੱਲ ਜਾਂਦਾ ਰਿਹਾ ਅਤੇ ਅੱਜ ਪੰਜਾਬੀਆਂ ਤੇ ਖਾਲਸਾ ਪੰਥ ਦੇ ਮਨਾਂ ਤੇ ਆਤਮਾਵਾ ਵਿਚ ਬਿਲਕੁਲ ਮਨਫੀ ਹੋ ਕੇ ਰਹਿ ਗਿਆ ਹੈ ਅਤੇ ਸਿਆਸੀ ਖੇਤਰ ਵਿਚ ਹਾਸੀਏ ਤੇ ਪਹੁੰਚ ਚੁੱਕਾ ਹੈ । ਉਪਰੰਤ ਬੀਜੇਪੀ ਦੀ ਫਿਰਕੂ ਸੋਚ ਨੂੰ ਪੂਰਨ ਕਰਦੇ ਹੋਏ ਸ. ਪ੍ਰਕਾਸ਼ ਸਿੰਘ ਬਾਦਲ ਅਤੇ ਬਾਦਲ ਪਰਿਵਾਰ ਨੇ ਨਿਰੰਤਰ ਅਜਿਹੀਆ ਅਨੇਕਾ ਗੁਸਤਾਖੀਆ ਕੀਤੀਆ ਜਿਸ ਨਾਲ ਇਹ ਪਾਰਟੀ ਸਿੱਖ ਕੌਮ ਤੇ ਪੰਜਾਬੀਆਂ ਦੀ ਨੁਮਾਇੰਦਗੀ ਕਰਨ ਦੀ ਬਜਾਇ ਇਕ ਬਾਦਲ ਪਰਿਵਾਰ ਵਿਚ ਸੀਮਤ ਹੋ ਕੇ ਰਹਿ ਗਈ । ਹਰ ਤਰ੍ਹਾਂ ਦੇ ਪੰਥਕ, ਪੰਜਾਬ ਪ੍ਰਤੀ ਗੰਭੀਰ ਮੁੱਦਿਆ ਤੋ ਮੂੰਹ ਮੋੜਨ ਦੀ ਬਦੌਲਤ ਇਹ ਸਿਆਸੀ ਜਮਾਤ ਦਾ ਸਤਿਕਾਰ ਮਾਣ ਮਨਫੀ ਹੋ ਕੇ ਰਹਿ ਗਿਆ । ਇਹੀ ਵਜਹ ਹੈ ਕਿ ਅੱਜ ਇਸ ਪੰਜਾਬ ਦੀ ਸਿਆਸੀ ਜਮਾਤ ਦੋਫਾੜ ਹੋ ਕੇ ਸਾਹਮਣੇ ਆਈ ਹੈ । ਜਦੋ ਤੱਕ ਇਸ ਵਿਚ ਵਿਚਰਣ ਵਾਲੇ ਆਗੂ ਖਾਲਸਾ ਪੰਥ ਦੀ ਅਗਵਾਈ ਕਰਨ ਵਾਲੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀਆਂ ਨੀਤੀਆ ਅਤੇ ਸੋਚ ਉਤੇ ਪਹਿਰਾ ਦੇਣ ਦੇ ਅਮਲ ਨਹੀ ਕਰਦੇ, ਉਸ ਸਮੇ ਤੱਕ ਇਹ ਜਮਾਤ ਅਤੇ ਇਸ ਜਮਾਤ ਵਿਚਲੀ ਪੰਜਾਬੀਆਂ ਅਤੇ ਸਿੱਖ ਕੌਮ ਵੱਲੋ ਦੁਰਕਾਰੀ ਗਈ ਲੀਡਰਸਿਪ ਆਪਣੇ ਆਪ ਨੂੰ ਕਦਾਚਿੱਤ ਪੰਜਾਬੀਆਂ ਤੇ ਸਿੱਖ ਕੌਮ ਵਿਚ ਜੀਵਤ ਨਹੀ ਰੱਖ ਸਕੇਗੀ ਅਤੇ ਨਾ ਹੀ ਆਪਣੇ ਖਤਮ ਹੋ ਚੁੱਕੇ ਵਿਸਵਾਸ ਨੂੰ ਫਿਰ ਤੋ ਪ੍ਰਾਪਤ ਕਰ ਸਕੇਗੀ ।"

ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਅਕਾਲੀ ਦਲ ਬਾਦਲ ਦੀ ਸਿਆਸੀ ਜਮਾਤ ਦੇ ਦੋਫਾੜ ਹੋਣ ਉਤੇ ਨਿਰੰਤਰ ਲੰਮੇ ਸਮੇ ਤੋ ਪੰਥਕ ਸੋਚ ਅਤੇ ਮੁੱਦਿਆ ਨੂੰ ਪਿੱਠ ਦੇਣ, ਇਸਨੂੰ ਪੰਜਾਬੀ ਪਾਰਟੀ ਬਣਾਉਣ ਅਤੇ ਮੁਤੱਸਵੀ ਫਿਰਕੂ ਬੀਜੇਪੀ ਤੇ ਆਰ.ਐਸ.ਐਸ. ਵਰਗੀ ਜਮਾਤ ਦੇ ਗੁਲਾਮ ਬਣਕੇ ਵਿਚਰਣ ਨੂੰ ਇਸ ਹੋਈ ਦੋਫਾੜ ਲਈ ਜਿੰਮੇਵਾਰ ਠਹਿਰਾਉਦੇ ਹੋਏ, ਬਿਨ੍ਹਾਂ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਕੌਮੀ ਪਾਲਸੀ ਨੂੰ ਪ੍ਰਵਾਨ ਕਰਨ ਤੋ ਆਪਣੇ ਲੋਕਾਂ ਵਿਚ ਫਿਰ ਤੋ ਜੀਵਤ ਹੋਣ ਲਈ ਹੋਰ ਕੋਈ ਰਾਹ ਨਾ ਹੋਣ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜਦੋ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਪੰਜਾਬ ਵਿਚ ਬੇਅਦਬੀਆ ਹੋਈਆ ਅਤੇ ਸਿੱਖ ਕੌਮ ਤੇ ਸਿੱਖ ਲੀਡਰਸਿਪ ਨੇ ਬਰਗਾੜੀ ਬਹਿਬਲ ਕਲਾਂ ਵਿਖੇ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਲਈ ਸ਼ਾਂਤਮਈ ਧਰਨੇ ਦਿੱਤੇ ਤਾਂ ਬਾਦਲ ਦਲ ਦੀ ਉਸ ਸਮੇ ਪੰਜਾਬ ਸਰਕਾਰ ਦੇ ਡੀਜੀਪੀ ਸੁਮੇਧ ਸੈਣੀ ਅਤੇ ਪੁਲਿਸ ਵੱਲੋ ਸ਼ਾਂਤਮਈ ਧਰਨੇ ਉਤੇ ਗੋਲੀ ਚਲਾਕੇ ਦੋ ਸਿੱਖਾਂ ਕ੍ਰਿਸ਼ਨ ਭਗਵਾਨ ਸਿੰਘ ਅਤੇ ਗੁਰਜੀਤ ਸਿੰਘ ਨੂੰ ਸ਼ਹੀਦ ਕਰਨ, ਕੋਟਕਪੂਰਾ, ਬੁਰਜ ਜਵਾਹਰ ਸਿੰਘ ਵਿਖੇ ਹੋਏ ਉਪੱਦਰਾਂ ਲਈ ਸਿੱਖ ਕੌਮ ਨੂੰ ਕੋਈ ਇਨਸਾਫ਼ ਨਾ ਦੇਣ ਦੀ ਬਦੌਲਤ ਉਸ ਸਮੇ ਹੀ ਇਹ ਬਾਦਲ ਦਲ ਪੰਜਾਬੀਆਂ ਤੇ ਸਿੱਖ ਕੌਮ ਦੇ ਮਨਾਂ ਵਿਚ ਤੇਜ਼ੀ ਨਾਲ ਮਨਫੀ ਹੋਣਾ ਸੁਰੂ ਹੋ ਗਿਆ ਸੀ । ਫਿਰ ਸਾਜਸੀ ਢੰਗ ਨਾਲ ਇਨ੍ਹਾਂ ਅਧੀਨ ਚੱਲ ਰਹੇ ਪ੍ਰਬੰਧ ਵਾਲੀ ਐਸ.ਜੀ.ਪੀ.ਸੀ ਦੇ ਅਧਿਕਾਰੀਆ ਦੀ ਮਿਲੀਭੁਗਤ ਰਾਹੀ 328 ਪਾਵਨ ਸਰੂਪ ਲਾਪਤਾ ਹੋਣੇ, ਸਿਰਸੇਵਾਲੇ ਸੌਦਾ ਸਾਧ ਜਿਸਨੇ ਗੁਰੂ ਗੋਬਿੰਦ ਸਿੰਘ ਜੀ ਦਾ ਸਵਾਂਗ ਰਚਾਉਣ ਦੀ ਗੁਸਤਾਖੀ ਕੀਤੀ, ਉਸ ਨੂੰ ਕੌਮੀ ਲੀਹਾਂ ਅਤੇ ਰਵਾਇਤਾ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋ ਸਜ਼ਾ ਦੇਣ ਦੀ ਬਜਾਇ ਉਸਨੂੰ ਮੁਆਫ ਕਰਵਾਉਣ ਦੀ ਬਜਰ ਗੁਸਤਾਖੀ, ਭਾਈ ਗੁਰਦੇਵ ਸਿੰਘ ਕਾਉਕੇ ਦੀ ਸ਼ਹਾਦਤ ਦੀ ਪੜਚੋਲ ਕਰਨ ਵਾਲੀ ਤਿਵਾੜੀ ਰਿਪੋਰਟ ਅਨੁਸਾਰ ਅਮਲ ਕਰਕੇ ਦੋਸ਼ੀਆਂ ਨੂੰ ਸਜ਼ਾਵਾਂ ਨਾ ਦੇਣ, ਬਲਿਊ ਸਟਾਰ ਦੇ ਫ਼ੌਜੀ ਹਮਲੇ ਲਈ ਮਰਹੂਮ ਇੰਦਰਾ ਗਾਂਧੀ ਨੂੰ ਸਹਿਮਤੀ ਦੇਣ, ਸਿੱਖ ਨੌਜਵਾਨੀ ਨੂੰ ਝੂਠੇ ਪੁਲਿਸ ਮੁਕਾਬਲਿਆ ਵਿਚ ਮਾਰਨ ਵਾਲੀ ਕਾਤਲ ਪੁਲਿਸ ਅਫਸਰਸਾਹੀ ਨੂੰ ਬਾਦਲ ਪਰਿਵਾਰ ਵੱਲੋ ਤਰੱਕੀਆ ਦੇਣ, ਆਪਣੀਆ ਪੰਜਾਬ ਦੀਆਂ ਹਕੂਮਤਾਂ ਸਮੇ ਸਜਾਵਾਂ ਪੂਰੀਆ ਕਰ ਚੁੱਕੇ ਸਿੱਖ ਬੰਦੀਆਂ ਦੀ ਰਿਹਾਈ ਲਈ ਕੋਈ ਵੀ ਸੰਜੀਦਗੀ ਭਰਿਆ ਅਮਲ ਨਾ ਕਰਨ, ਆਪਣੇ ਸਵਾਰਥੀ ਹਿੱਤਾ ਦੀ ਪੂਰਤੀ ਲਈ ਸਿੱਖ ਕੌਮ ਦੀ ਪਾਰਲੀਮੈਂਟ ਐਸ.ਜੀ.ਪੀ.ਸੀ ਦੀਆਂ ਜਰਨਲ ਚੋਣਾਂ ਮੁਤੱਸਵੀ ਹੁਕਮਰਾਨਾਂ ਨਾਲ ਰਲਕੇ 14 ਸਾਲਾਂ ਤੋ ਨਾ ਹੋਣ ਦੇਣ, ਪੰਜਾਬ ਦੇ ਕੀਮਤੀ ਪਾਣੀਆਂ ਨੂੰ ਆਪਣੇ ਨਿੱਜੀ ਹਿੱਤਾ ਲਈ ਦੂਸਰੇ ਸੂਬਿਆਂ ਅਤੇ ਸੈਂਟਰ ਨੂੰ ਦੇਣ, ਇਥੋ ਦੀ ਪੈਦਾ ਹੋਣ ਵਾਲੀ ਬਿਜਲੀ ਦੂਸਰੇ ਸੂਬਿਆਂ ਨੂੰ ਦੇਣ, ਪੰਜਾਬੀ ਬੋਲੀ ਨਾਲ ਨਿਰੰਤਰ ਇਨ੍ਹਾਂ ਵੱਲੋ ਬੇਇਨਸਾਫ਼ੀ ਕਰਦੇ ਰਹਿਣ, ਚੰਡੀਗੜ੍ਹ ਅਤੇ ਹੋਰ ਪੰਜਾਬੀ ਬੋਲਦੇ ਇਲਾਕਿਆ ਨੂੰ ਪੰਜਾਬ ਵਿਚ ਸਾਮਿਲ ਕਰਨ ਲਈ ਕੋਈ ਸੁਹਿਰਦ ਯਤਨ ਨਾ ਕਰਨ ਅਤੇ ਸੈਂਟਰ ਦੀਆਂ ਹਕੂਮਤਾਂ ਦੇ ਜ਼ਬਰ ਜੁਲਮਾਂ ਅੱਗੇ ਹਰ ਵਾਰੀ ਗੋਡੇ ਟੇਕ ਕੇ ਪੰਜਾਬ ਸੂਬੇ ਤੇ ਪੰਜਾਬੀਆਂ ਦੀ ਲੁਟਾਈ ਕਰਵਾਉਣ ਦੇ ਅਤਿ ਗੰਭੀਰ ਕਾਰਨ ਹਨ ।

# ਨਸ਼ਿਆਂ ਨੂੰ ਕਹੋ ਨਾਂਹ ਅਤੇ ਜੀਵਨ ਨੂੰ ਕਹੋ ਹਾਂ": ਸਿਵਲ ਸਰਜਨ ਡਾ. ਸੁਮੀਤ ਸਿੰਘ



**ਚੌਂਕ ਮਹਿਤਾ, 26 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਵਲ ਸਰਜਨ ਡਾ ਸੁਮੀਤ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਸ਼ਵ ਨਸ਼ਾ ਵਿਰੋਧੀ ਦਿਵਸ ਦੇ ਮੌਕੇ ਦਫਤਰ ਸਿਵਲ ਸਰਜਨ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਪੋਸਟਰ ਰਲੀਜ ਕੀਤਾ ਗਿਆ ਅਤੇ ਇਸ ਉਪੰਰਤ ਡਿਪਟੀ ਮੈਡੀਕਲ ਕਮਿਸ਼ਨਰ ਡਾ ਗੁਰਮੀਤ ਕੌਰ ਦੀ ਅਗਵਾਹੀ ਹੇਠਾਂ ਸਰਕਾਰੀ ਮੁੜਵਸੇਬਾ ਕੇਂਦਰ ਅੰਮ੍ਰਿਤਸਰ ਵਿਖੇ ਇਕ ਜਿਲ੍ਹਾ ਪੱਧਰੀ ਨਸ਼ਾ ਮੁਕਤੀ ਸਪੋਰਟਸ ਮੀਟ ਦਾ ਆਯੋਜਨ ਕੀਤਾ ਗਿਆ ।ਇਸ ਅਵਸਰ ਤੇ ਨੋਡਲ ਅਫਸਰ ਡਾ ਚਰਨਜੀਤ ਕੋਰ ਨੇ ਕਿਹਾ ਕਿ ਨਸ਼ਾ ਇਕ ਮਾਨਸਿਕ ਰੋਗ ਹੈ, ਸਾਡੇ ਸਮਾਜ ਨੂੰ ਅੰਦਰੋਂ ਅੰਦਰੀ ਘੁੰਨ ਵਾਂਗ ਖਾਈ ਜਾ ਰਿਹਾ ਹੈ ।ਨਸ਼ਾਂ ਜਿਥੇ ਮੱਨੁਖੀ ਸਿਹਤ ਦੇ ਵਿਗਾੜ ਦਾ ਕਾਰਣ ਬਣਦਾ ਹੈ ਉਥੇ ਨਾਲ ਹੀ ਸਮਾਜਿਕ ਰੁਕਾਵਟ ਵੀ ਪੈਦਾ ਕਰਦਾ ਹੈ। ਨਸ਼ੇ ਮੱਨੁਖੀ ਸ਼ਰੀਰ ਤੇ ਬਹੁਤ ਹੀ ਭਿਆਨਕ ਅਸਰ ਕਰਦੇ ਹਨ ਅਤੇ ਕਈ ਪ੍ਰਕਾਰ ਦੀਆਂ ਬੀਮਾਰੀਆਂ ਜਿਵੇ ਲਿਵਰ ਕੈਂਸਰ, ਮੂੰਹ/ਗਲੇ ਦਾ ਕੈਂਸਰ ਆਦੀ ਦਾ ਕਾਰਣ ਬਣਦੇ ਹਨ ।ਇਸ ਲਈ ਇਹ ਨਸ਼ੇ ਜਿਥੇ ਸਿਹਤ ਖਰਾਬ ਕਰਦੇ ਹਨ ਉਥੇ ਨਾਲ ਹੀ ਸਮਾਜਿਕ, ਆਰਥਿਕ ਅਤੇ ਮਾਨਸਿਕ ਤੌਰ ਤੇ ਵੀ ਮੱਨੁਖ ਨੂੰ ਕਮਜੋਰ ਬਣਾ ਦਿੰਦੇ ਹਨ ।ਇਸ ਲਈ ਸਮੁਚੇ ਸਮਾਜ ਦਾ ਇਹ ਫਰਜ ਹੈ ਕਿ ਉਹ ਨਸ਼ਾਂ ਵਿਰੋਧੀ ਮੁਹਿੰਮ ਵਿਚ ਆਪਣਾਂ ਯੋਗਦਾਨ ਪਾਵੇ ਅਤੇ ਅਪਣੇ ਆਸ ਪਾਸ ਦੇ ਲੋਕਾਂ ਨੂੰ ਨਸ਼ਿਆਂ ਦਾ ਮਾੜੇ ਪ੍ਰਭਾਵਾਂ ਬਾਰੇ ਸੁਚੇਤ ਕਰੇ ।ਇਸ ਤੋਂ ਇਲਾਵਾ ਜਿਲ੍ਹਾ ਅੰਮ੍ਰਿਤਸਰ ਵਿਖੇ 43 ਓਟ ਸੈਂਟਰ ਵੀ ਕਾਇਮ ਕੀਤੇ ਜਾ ਚੁਕੇ ਹਨ ਅਤੇ ਲੋਕਾਂ ਨੂੰ ਅਪੀਲ ਹੈ ਕਿ ਉਹ ਇਹਨਾਂ ਸੈਂਟਰਾਂ ਦਾ ਵੀ ਵੱਧ ਤੋਂ ਵੱਧ ਲਾਭ ਲੈਣ। ਇਸ ਮੌਕੇ ਸੰਨ ਫਾਉਂਡੇਸ਼ਨ ਵਲੋ ਮੈਡਮ ਬਲਜੀਤ ਕੌਰ ਜੌਹਲ ਨੇ ਕਿਹਾ ਕਿ ਸੰਨ ਫਾਉਂਡੇਸ਼ਨ ਵਲੋ ਸਿਹਤ ਵਿਭਾਗ ਨਾਲ ਮਿਲ ਕੇ ਨਸ਼ੇ ਕਰਨ ਵਾਲਿਆਂ ਲਈ ਕੌਂਸਲੰਗਿ, ਇਲਾਜ ਅਤੇ ਮੁੜ ਵਸੇਬੇ ਦੀਆਂ ਸਹੂਲਤਾਂ ਪ੍ਰਦਾਨ ਕਰਵਾਉਣਾਂ, ਉਹਨਾਂ ਦੇ ਮੁੱਖ ਉਦੇਸ਼ਾਂ ਵਿਚੋਂ ਇੱਕ ਹੈ। ਅੱਜ ਦੇ ਸਮਾਗਮ ਵਿਚ ਮੁੜ ਵਸੇਬਾ ਕੇਂਦਰ ਦੇ ਮਰੀਜਾਂ ਵਿਚਕਾਰ ਸਪੋਰਟਸ ਮੀਟ ਦੌਰਾਣ ਫੁਟਬਾਲ ਦਾ ਮੈਚ ਕਰਵਾਇਆ ਗਿਆ ਅਤੇ ਜੇਤੂ ਟੀਮ ਨੂੰ ਇਨਾਮ ਦਿੱਤਾ ਗਿਆ। ਇਸ ਮੌਕੇ ਜਿਲਾ੍ ਮਾਸ ਮੀਡੀਆਂ ਅਫਸਰ ਅਮਰਦੀਪ ਸਿੰਘ ਨੇ ਕਿਹਾ ਕਿ ਨਿਸ਼ੇ ਦੇ ਇਲਾਜ ਉਪਰੰਤ ਮੁੜਵਸੇਬਾ ਕਰਨ ਲਈ ਅਤੇ ਇਹਨਾਂ ਲੋਕਾਂ ਨੂੰ ਮੁੜ ਸਮਾਜ ਦਾ ਹਿੱਸਾ ਬਣਾਉਣ ਲਈ ਮੁੜਵਸੇਬਾ ਕੇਂਦਰ ਖੋਲੇ ਗਏ ਹਨ ।ਇਸ ਲਈ ਜੋ ਇਨਸਾਨ ਨਸ਼ੇ ਕਰਦਾ ਹੈ ਉਸ ਨੂੰ ਸਰਕਾਰੀ ਨਸ਼ਾ ਛਡਾਉ ਕੇਦਰ ਮੈਡੀਕਲ ਕਾਲਿਜ ਅੰਮ੍ਰਿਤਸਰ ਵਿਖੇ ਦਾਖਿਲ ਕਰਵਾਇਆ ਜਾਵੇ ਅਤੇ ਇਲਾਜ ਤੋ ਬਾਦ ਵਿੱਚ ਉਸ ਦੇ ਮੁੜ ਵਸੇਬੇ ਲਈ ਉਸ ਨੂੰ ਸਰਕਾਰੀ ਮੁੜਵਸੇਬਾ ਕੇਂਦਰ ਅੰਮ੍ਰਿਤਸਰ ਸਰਕਾਰੀ ਸੈਂਟਰ ਵਿਖੇ ਜਰੂਰ ਦਾਖਲ ਕਰਵਾਇਆ ਜਾਵੇ ਤਾਂ ਜੋ ਉਹ ਇਲਾਜ ਉਪੰਰਤ ਸਮਾਜ ਦਾ ਇੱਕ ਹਿੱਸਾ ਬਣ ਸਕਣ ।ਇਸ ਮੌਕੇ ਸਹਾਇਕ ਸਿਵਲ ਸਰਜਨ ਡਾ ਰਜਿੰਦਰਪਾਲ ਕੌਰ, ਜਿਲਾ੍ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਜਿਲਾ੍ ਟੀਕਾਕਕਰਣ ਅਫਸਰ ਡਾ ਭਾਰਤੀ ਧਵਨ, ਡਾ ਹਰਜੋਤ ਕੌਰ, ਡਾ ਮਨਮੀਤ ਕੌਰ , ਡਾ ਰਾਘਵ ਗੁਪਤਾ, ਡਾ ਵਨੀਤ ਕੌਰ, ਕਮਲ ਭੱਲਾ, ਰਾਮ ਮਹਿਤਾ, ਮਲਵਿੰਦਰ ਸਿੰਘ, ਸੰਜੀਵ ਕੁਮਾਰ, ਵਰਿੰਦਰ ਸਿੰਘ, ਗੌਰਵ ਕੁਮਾਰ ਅਤੇ ਸਮੂਹ ਸਟਾਫ ਸ਼ਾਮਲ ਹੋਏ।

## ਸ਼੍ਰੋਮਣੀ ਅਕਾਲੀ ਦਲ ਨੂੰ ਤੋੜਨ ਲਈ ਕੀਤਾ ਜਾ ਰਿਹਾ ਅਪਰੇਸ਼ਨ ਲੋਟਸ ਕਾਮਯਾਬ ਨਹੀਂ ਹੋਵੇਗਾ : ਸਰਨਾ



**ਨਵੀਂ ਦਿੱਲੀ, 25 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਤੋੜਨ ਲਈ ਨਿਸ਼ਾਨਾ ਬਣਾਉਣ ਵਾਲਾ ਭਾਜਪਾ ਵੱਲੋਂ ਸਪਾਂਸਰ ਕੀਤਾ ਗਿਆ 'ਆਪ੍ਰੇਸ਼ਨ ਲੋਟਸ' ਬੁਰੀ ਤਰ੍ਹਾਂ ਫੇਲ੍ਹ ਹੋਵੇਗਾ ਅਤੇ ਇਤਿਹਾਸਕ ਸਿੱਖ ਪਾਰਟੀ ਨੂੰ ਅਸਥਿਰ ਕਰਨ ਦੀ ਕੋਸ਼ਿਸ਼ ਕਰਨ ਵਾਲੇ ਧੜੇ ਇਸ ਗੱਲ ਨੂੰ ਚੇਤੇ ਰੱਖਣ । ਸਰਨਾ ਨੇ ਟਿੱਪਣੀ ਕੀਤੀ, " ਸਾਰਾ ਸੰਸਾਰ ਭਾਜਪਾ ਦੀਆਂ ਵਿਰੋਧੀ ਪਾਰਟੀਆਂ ਤੇ ਗੈਰ-ਭਾਜਪਾ ਪਾਰਟੀਆਂ ਦੀ ਅਗਵਾਈ ਵਾਲੀਆਂ ਰਾਜ ਸਰਕਾਰਾਂ ਨੂੰ ਮਿਲਾਉਣ ਜਾਂ ਤੋੜਨ ਦੀਆਂ ਚਾਲਾਂ ਤੋਂ ਜਾਣੂ ਹਨ।"ਅਕਾਲੀ ਵਿਰੋਧੀ ਮਤਾ ਪਾਸ ਕਰਨ ਵਾਲਿਆਂ ਨੇ ਪੰਜਾਬ ਵਿੱਚ ਆਪਣੇ ਆਪ ਨੂੰ ਬੇਨਕਾਬ ਕੀਤਾ ਹੈ, ਜਿਸ ਨੇ ਭਗਵਾ ਵਿਚਾਰਧਾਰਾ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਹੈ।" ਸਰਨਾ ਨੇ ਅਹਿਦ ਲਿਆ ਕਿ ਸਿੱਖ ਸ਼ਹਾਦਤਾਂ ਨਾਲ ਜੁੜੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦਾ ਭਗਵਾਕਰਨ ਕਰਨ ਦੀ ਭਾਜਪਾ ਦੀ ਕਿਸੇ ਵੀ ਕੋਸ਼ਿਸ਼ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਦਿੱਲੀ ਤੋਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ, "ਸਿੱਖ ਸ਼੍ਰੋਮਣੀ ਅਕਾਲੀ ਦਲ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨ ਵਾਲਿਆਂ ਦੇ ਭਾਜਪਾ ਪੱਖੀ ਰੁਖ ਤੋਂ ਚੰਗੀ ਤਰ੍ਹਾਂ ਜਾਣੂ ਹਨ ।

## ਵਿਰਕ ਵੱਲੋਂ ਅੰਮ੍ਰਿਤਸਰ ਫੋਟੋਗ੍ਰਾਫਰ ਐਸੋਸੀਏਸ਼ਨ ਦੇ ਅਹੁਦੇ ਤੋਂ ਅਸਤੀਫਾ



**ਚੌਂਕ ਮਹਿਤਾ, 26 ਜੂਨ (ਬਾਬਾ ਸੁਖਵੰਤ ਸਿੰਘ)**-ਸੁਰਿੰਦਰ ਸਿੰਘ ਵਿਰਕ ਨੇ ਫੋਟੋਗ੍ਰਾਫਰ ਆਫ ਅੰਮ੍ਰਿਤਸਰ ਐਸੋਸੀਏਸ਼ਨ ਵਿਚਲੇ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਹੈ ਅਤੇ ਨਾਲ ਹੀ ਆਪਣੇ ਫੋਟੋਗ੍ਰਾਫਰ ਸਾਥੀਆਂ ਨਾਲ ਰਲ ਕੇ ਯੂਨੀਅਨ ਪ੍ਰਧਾਨ ਦਾ ਬਾਈਕਾਟ ਕਰਨ ਦਾ ਐਲਾਨ ਕੀਤਾ ਹੈ੍ ਸੁਰਿੰਦਰ ਸਿੰਘ ਵਿਰਕ ਵੱਲੋਂ ਭੇਜੇ ਗਏ ਆਪਣੇ ਅਸਤੀਫੇ ਵਿੱਚ ਅਸਤੀਫੇ ਦਾ ਕਾਰਨ ਲਿਖਿਆ ਹੈ ਕਿ ਉਹ ਐਸੋਸੀਏਸ਼ਨ ਦੇ ਦਾ ਸਲਾਹਕਾਰ ਅਤੇ ਬਾਡੀ ਮੈਂਬਰ ਹੈ ਅਤੇ ਪਿਛਲੇ ਕੁਝ ਮਹੀਨਿਆਂ ਤੋਂ ਹੋ ਰਹੀਆਂ ਗਤੀਵਿਧੀਆਂ ਤੇ ਫੈਸਲੇਆਂ ਨਾਲ ਮੇਰੀ ਵਿਚਾਰ ਨਹੀਂ ਮਿਲ ਰਹੇ ਇਸ ਲਈ ਮੈਂ ਆਪਣੀ ਅਹੁਦੇ ਤੋਂ ਅਸਤੀਫਾ ਦੇ ਰਿਹਾ ਹਾਂ੍ ਇੱਕ ਵੱਖਰੇ ਮਤੇ ਰਾਹੀਂ ਦਬੁਰਜੀ ਫੋਟੋਗ੍ਰਾਫਰ ਯੂਨੀਅਨ ਵੱਲੋਂ ਐਸੋਸੀਏਸ਼ਨ ਦੇ ਪ੍ਰਧਾਨ ਦਾ ਬਾਈਕਾਟ ਕਰਨ ਦਾ ਐਲਾਨ ਕੀਤਾ।

### ਭਾਈ ਹਰਦੀਪ ਸਿੰਘ ਨਿੱਝਰ ਕਤਲ ਮਾਮਲੇ 'ਚ

# ਮੁਲਜ਼ਮਾਂ ਨੂੰ ਅਦਾਲਤ ਅੰਦਰ ਪੇਸ਼ ਨਹੀਂ ਕੀਤਾ ਗਿਆ






ਨਵੀ ਦਿੱਲੀ 26 ਜੂਨ (ਮਨਪ੍ਰੀਤ ਸਿੰਘ ਖਾਲਸਾ):- ਭਾਈ ਹਰਦੀਪ ਸਿੰਘ ਨਿੱਝਰ ਕਤਲ ਮਾਮਲੇ 'ਚ ਸੁਣਵਾਈ ਦਾ ਸਮਾਂ ਸੂਬਾਈ ਅਦਾਲਤ ਬ੍ਰਿਟਿਸ਼ ਕੋਲੰਬੀਆ ਸਰੀ ਵਿਖੇ ਸਵੇਰ ਦਾ ਸੀ ਪਰ ਕੁਝ ਤਕਨੀਕੀ ਕਾਰਨਾਂ ਕਰਕੇ ਸੁਣਵਾਈ ਦੇਰ ਨਾਲ ਸ਼ੁਰੂ ਕੀਤੀ ਗਈ ਸੀ । ਮਾਮਲੇ ਵਿਚ ਨਾਮਜਦ ਕੀਤੇ ਗਏ ਕਾਤਲਾਂ ਦੀ ਪੇਸ਼ੀ ਦੌਰਾਨ ਸਰੀ ਵੈਨਕੋਵਰ ਦੀਆਂ ਸਿੱਖ ਸੰਗਤਾਂ ਦਾ ਵੱਡਾ ਇਕੱਠ ਅਦਾਲਤ ਦੇ ਅੰਦਰ ਅਤੇ ਬਾਹਰ ਮੌਜੂਦ ਸੀ, ਜਿਨ੍ਹਾਂ ਨੇ ਵੱਡੇ ਵੱਡੇ ਬੈਨਰ ਜਿਨਾਂ ਉੱਪਰ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਜੈਸ਼ੰਕਰ, ਮਨੀਸ਼ ਅਤੇ ਇਹਨਾਂ ਕਾਤਲਾਂ ਦੀਆਂ ਤਸਵੀਰਾਂ ਲੱਗੀਆਂ ਹੋਈਆਂ ਸਨ, ਜੋ ਇਹ ਦਰਸਾਉਂਦੀਆਂ ਸਨ ਕਿ ਭਾਈ ਹਰਦੀਪ ਸਿੰਘ ਨਿੱਝਰ ਦੇ ਅਸਲੀ ਕਾਤਲ ਭਾਰਤ ਦੇ ਸੱਤਾਧਾਰੀ ਰਾਜਨੀਤਿਕ ਲੋਕ ਹਨ । ਜਿਕਰਯੋਗ ਹੈ ਕਿ ਇਸ ਪੇਸ਼ੀ ਮੌਕੇ ਨਾਮਜਦ ਕਾਤਲਾਂ ਨੂੰ ਪੇਸ਼ ਨਹੀਂ ਕੀਤਾ ਗਿਆ ਤੇ ਅਗਲੀਆਂ ਕੁਝ ਪੇਸ਼ੀਆਂ ਵਕੀਲ ਹੀ ਭੁਗਤਾਉਣਗੇ। ਜਦੋਂ ਸਰਕਾਰੀ ਧਿਰ ਅਤੇ ਬਚਾਅ ਪੱਖ ਨੇ ਕੇਸ ਤਿਆਰ ਕਰ ਲਏ, ਜਾਣਕਾਰੀਆਂ ਸਾਂਝੀਆਂ ਕਰ ਲਈਆਂ, ਫਿਰ ਇਨ੍ਹਾਂ ਮੁਲਜ਼ਮਾਂ ਨੂੰ ਅਦਾਲਤ ਅੰਦਰ ਪੇਸ਼ ਹੋਣਾ ਪਵੇਗਾ। ਇਸ ਮੌਕੇ ਗੁਰਦੁਆਰਾ ਗੁਰੂ ਨਾਨਕ ਸਿੱਖ ਦਰਬਾਰ ਦੇ ਸਕੱਤਰ ਭਾਈ ਭੁਪਿੰਦਰ ਸਿੰਘ ਹੋਠੀ ਨੇ ਵਾਸ਼ਿੰਗਟਨ ਪੋਸਟ ਦੀ ਖਬਰ ਦਾ ਹਵਾਲਾ ਦੇਂਦਿਆਂ ਦਸਿਆ ਕਿ ਵੈਨਕੋਵਰ ਤੋਂ ਭਾਰਤੀ ਕੌਂਸਲੇਟ ਮਨੀਸ਼ ਵਲੋਂ ਕਨੇਡਾ ਛੱਡ ਕੇ ਚਲੇ ਜਾਣ ਦੀ ਗੱਲ ਕਹੀ ਅਤੇ ਕੌਂਸਲੇਟ ਮਨੀਸ਼ ਉਪਰ ਦੋਸ਼ ਲੱਗ ਰਹੇ ਹਨ ਕਿ ਉਸ ਨੇ ਭਾਈ ਨਿਝਰ ਦੇ ਕਾਤਲਾਂ ਨੂੰ ਕਤਲ ਕਰਨ ਲਈ ਹਰ ਕਿਸਮ ਦੀ ਸਹਾਇਤਾ ਕੀਤੀ ਅਤੇ ਉਸ ਨੂੰ ਵਾਪਸ ਕਨੇਡਾ ਵਿੱਚ ਲੈ ਕੇ ਆਉਣ ਅਤੇ ਕਾਰਵਾਈ ਕਰਨ ਦੀ ਮੰਗ ਕੀਤੀ। ਅਦਾਲਤੀ ਪੇਸ਼ੀ ਦੀ ਕਾਰਵਾਈ ਦੇਖਣ ਸੁਣਨ ਲਈ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਸਰੀ ਦੇ ਸੇਵਾਦਾਰ ਭਾਈ ਗੁਰਮੀਤ ਸਿੰਘ ਤੂਰ, ਭਾਈ ਭੁਪਿੰਦਰ ਸਿੰਘ ਹੋਠੀ, ਭਾਈ ਨਰਿੰਦਰ ਸਿੰਘ ਖਾਲਸਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਗੁਰਭੇਜ ਸਿੰਘ ਭਾਈ, ਅਮਰਜੀਤ ਸਿੰਘ, ਬੀਬੀ ਪਰਮਿੰਦਰ ਕੌਰ ਸਮੇਤ ਵਡੀ ਗਿਣਤੀ ਵਿਚ ਸੰਗਤਾਂ ਹਾਜਿਰ ਸਨ । ਸਿੱਖ ਸੰਗਤਾਂ ਨੇ ਹੱਥਾਂ ਵਿੱਚ ਖਾਲਸਾਈ ਨਿਸ਼ਾਨ ਸਾਹਿਬ ਫੜੇ ਹੋਏ ਸਨ, ਨੌਜਵਾਨਾਂ ਵੱਲੋਂ ਭਾਈ ਹਰਦੀਪ ਸਿੰਘ ਨਿੱਝਰ ਜਿੰਦਾਬਾਦ, ਨਿੱਝਰ ਤੇਰੀ ਸੋਚ ਤੇ ਪਹਿਰਾ ਦਿਆਂਗੇ ਠੋਕ ਕੇ, ਪੰਜਾਬ ਦੀ ਆਜ਼ਾਦੀ ਤੇ ਪਹਿਰਾ ਦਿਆਂਗੇ ਠੋਕ ਕੇ, ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਗਾਏ ਗਏ। ਭਾਈ ਹਰਦੀਪ ਸਿੰਘ ਨਿੱਝਰ ਮਾਮਲੇ 'ਚ ਮੁਲਜ਼ਮਾਂ ਦੀ ਅਗਲੀ ਪੇਸ਼ੀ 7 ਅਗਸਤ ਦਿਨ ਬੁੱਧਵਾਰ ਨੂੰ ਸਵੇਰੇ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

### ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ

# ਦੀਨਾਨਗਰ ਵਿਖੇ ਮਹਾਰਾਜਾ ਰਣਜੀਤ ਸਿੰਘ ਦੀ ਇਤਿਹਾਸਕ ਬਾਰਾਂਦਰੀ ਦਾ ਦੌਰਾ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 26 ਜੂਨ ਕੁਲਜੀਤ ਸਿੰਘ ਖੋਖਰ** -ਵਾਤਾਵਰਨ ਅਤੇ ਵਿਰਾਸਤਾਂ ਨਾਲ ਪ੍ਰੇਮ ਰੱਖਣ ਵਾਲੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਅੱਜ ਦੀਨਾਨਗਰ ਵਿਖੇ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਇਤਿਹਾਸਕ ਬਾਰਾਂਦਰੀ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਗੁਰਦਾਸਪੁਰ ਸ. ਇੰਦਰਜੀਤ ਸਿੰਘ ਵੀ ਮੌਜੂਦ ਸਨ।

ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਪੰਜਾਬ ਅਤੇ ਦੇਸ਼ ਦੇ ਇਤਿਹਾਸ ਵਿੱਚ ਦੀਨਾਨਗਰ ਦੀ ਇਸ ਇਤਿਹਾਸਕ ਬਾਰਾਂਦਰੀ ਦਾ ਬਹੁਤ ਵੱਡਾ ਸਥਾਨ ਹੈ। ਉਨ੍ਹਾਂ ਕਿਹਾ ਕਿ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਸਮੇਂ ਇਸ ਇਤਿਹਾਸਕ ਬਾਰਾਂਦਰੀ ਵਿੱਚ ਕਈ ਇਤਿਹਾਸਕ ਫ਼ੈਸਲੇ ਹੋਏ ਸਨ, ਜਿਨ੍ਹਾਂ ਵਿੱਚ ਸੰਨ 1838 ਵਿੱਚ ਲਾਹੌਰ ਦਰਬਾਰ, ਬ੍ਰਿਟਿਸ਼ ਹਕੂਮਤ ਅਤੇ ਅਫ਼ਗ.ਾਨਿਸਤਾਨ ਦੇ ਸ਼ਾਹ ਸੁਜਾ ਦਰਮਿਆਨ ਹੋਈ ਤ੍ਰੈ-ਦੇਸੀ ਸੰਧੀ ਅਹਿਮ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਇਤਿਹਾਸਕ ਇਮਾਰਤਾਂ ਸਾਡੇ ਇਤਿਹਾਸ ਦਾ ਮਾਣ ਹਨ ਅਤੇ ਇਨ੍ਹਾਂ ਦਾ ਕਾਇਮ ਰਹਿਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਇਹ ਇਤਿਹਾਸਕ ਵਿਰਾਸਤਾਂ ਇਤਿਹਾਸ ਦੇ ਉਹ ਪੰਨੇ ਹਨ ਜਿਨ੍ਹਾਂ ਰਾਹੀਂ ਉਹ ਆਪਣੇ ਇਤਿਹਾਸ ਨੂੰ ਜਾਣ ਸਕਣਗੇ।

ਦੀਨਾਨਗਰ ਦੀ ਇਸ ਇਤਿਹਾਸਕ ਬਾਰਾਂਦਰੀ ਦੀ ਖਸਤਾ ਹਾਲਤ ਉੱਪਰ ਚਿੰਤਾ ਜ਼ਾਹਿਰ ਕਰਦਿਆਂ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਇਸ ਇਤਿਹਾਸਕ ਤੇ ਵਿਰਾਸਤੀ ਇਮਾਰਤ ਦੀ ਮੁੜ ਸੁਰਜੀਤੀ ਬੇਹੱਦ ਜ਼ਰੂਰੀ ਹੈ, ਜਿਸ ਲਈ ਉਹ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨਾਲ ਗੱਲ ਕਰਨਗੇ। ਇਸ ਤੋਂ ਇਲਾਵਾ ਉਹ ਰਾਜ ਸਭਾ ਵਿੱਚ ਵੀ ਇਸ ਇਤਿਹਾਸਕ ਵਿਰਾਸਤ ਦੀ ਸੰਭਾਲ ਦਾ ਮੁੱਦਾ ਜ਼ੋਰਦਾਰ ਢੰਗ ਨਾਲ ਉਠਾਉਣਗੇ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇਸ਼ ਦਾ ਮਾਣ ਹਨ ਅਤੇ ਉਨ੍ਹਾਂ ਦੀਆਂ ਯਾਦਗਾਰਾਂ ਦੀ ਸੰਭਾਲ ਕਰਨੀ ਸਾਡਾ ਫਰਜ ਹੈ।

**ਦੀਨਾਨਗਰ ਦੀ ਵਿਰਾਸਤੀ ਬਾਰਾਂਦਰੀ ਦੀ ਸੰਭਾਲ ਲਈ ਸਰਕਾਰ ਕੋਲ ਜ਼ੋਰਦਾਰ ਢੰਗ ਨਾਲ ਮੁੱਦਾ ਚੁੱਕਿਆ ਜਾਵੇਗਾ - ਸੰਤ ਸੀਚੇਵਾਲ**

ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਆਂਗਣਵਾੜੀ ਵਰਕਰਾਂ ਲਈ ਫ਼ਸਟ ਏਡ ਦੀ ਟਰੇਨਿੰਗ ਸਬੰਧੀ ਵਿਸ਼ੇਸ਼ ਕੈਂਪ




**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 26 ਜੂਨ (ਕੁਲਜੀਤ ਸਿੰਘ ਖੋਖਰ)**-ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ, ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਗੁਰਦਾਸਪੁਰ ਜੀ ਦੇ ਸਹਿਯੋਗ ਨਾਲ ਉਨ੍ਹਾਂ ਦੇ ਅਧੀਨ ਕੰਮ ਕਰਦੀਆਂ ਆਂਗਣਵਾੜੀ ਵਰਕਰਾਂ ਦਾ ਇੱਕ ਰੋਜ਼ਾ ਵਿਸ਼ੇਸ਼ ਕੈਪ ਫ਼ਸਟ ਏਡ ਦੀ ਸਿੱਖਿਆ ਸਬੰਧੀ ਨਾਰੀ ਸ਼ਕਤੀ ਕੇਂਦਰ, ਜੇਲ੍ਹ ਰੋਡ, ਗੁਰਦਾਸਪੁਰ ਵਿਚ ਲਗਾਇਆ ਗਿਆ। ਫ਼ਸਟ ਏਡ ਦੇ ਵਿਸ਼ੇ ਸਬੰਧੀ ਇਸ ਦੀ ਜਾਣਕਾਰੀ ਸ੍ਰੀ ਰਾਜੀਵ ਸਿੰਘ, ਸਕੱਤਰ ਕਮ ਜ਼ਿਲ੍ਹਾ ਟਰੇਨਿੰਗ ਅਫ਼ਸਰ, ਰੈੱਡ ਕਰਾਸ ਸੋਸਾਇਟੀ, ਗੁਰਦਾਸਪੁਰ ਵੱਲੋਂ ਕਰਵਾਈ ਗਈ ਅਤੇ ਕਿਹਾ ਕਿ ਅੱਜ ਕੱਲ੍ਹ ਦੀ ਰਫ਼ਤਾਰ ਭਰੀ ਜ਼ਿੰਦਗੀ ਵਿਚ ਹਰ ਇੱਕ ਵਿਅਕਤੀ ਟੈਨਸ਼ਨ ਨਾਲ ਭਰਿਆ ਹੋਇਆ ਹੈ ਅਤੇ ਉਹ ਇਸ ਦੌੜ ਦੇ ਵਿਚ ਆਪਣੇ ਸਰੀਰ ਦਾ ਜ਼ਿਆਦਾ ਧਿਆਨ ਨਹੀਂ ਰੱਖਦਾ ਹੈ ਅਤੇ ਜ਼ਿਆਦਾਤਰ ਮੌਤਾਂ ਦਿਲ ਦੇ ਦੌਰੇ ਕਾਰਨ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਦਿਲ ਦੌਰਾ ਪੈ ਜਾਂਦਾ ਹੈ ਅਤੇ ਉਸ ਦੇ ਨਾਲ ਵਾਲੇ ਵਿਅਕਤੀ ਨੂੰ ਇਸ ਦੀ ਸਹੀ ਜਾਣਕਾਰੀ ਹੋਵੇ ਤਾਂ ਮੌਕੇ ਤੇ ਹੀ ਉਸ ਦੀ ਵਡਮੁੱਲੀ ਜਾਨ ਬਚਾਈ ਜਾ ਸਕਦੀ ਹੈ ਜਾ ਬਚਾਉਣ ਵਿਚ ਮਦਦ ਕੀਤੀ ਜਾ ਸਕਦੀ ਹੈ। ਇਸ ਦੌਰਾਨ ਉਨ੍ਹਾਂ ਇਹਨਾਂ ਨੂੰ ਦਿਲ ਦਾ ਦੌਰਾ ਪੈਣ ਤੋ ਪਹਿਲਾ ਦੇ ਲੱਛਣਾਂ, ਕਾਰਨਾਂ ਅਤੇ ਇਸ ਤੋ ਬਾਅਦ ਦਿੱਤੀ ਜਾਣ ਵਾਲੀ ਸਹਾਇਤਾ ਭਾਵ ਸੀ.ਪੀ.ਆਰ./ ਬਨਾਵਟੀ ਸਾਹ ਦੇਣ ਬਾਰੇ ਵਿਸਤਾਰਪੂਰਵਕ ਜਾਣਕਾਰੀ ਅਤੇ ਪ੍ਰੈਕਟੀਕਲ ਕਰਕੇ ਦੱਸੇ। ਇਸ ਲਈ ਆਪ ਸਭ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਇਸ ਦੀ ਟਰੇਨਿੰਗ ਜ਼ਰੂਰ ਪ੍ਰਾਪਤ ਕੀਤੀ ਜਾਵੇ ਜੀ। ਇਸ ਦੌਰਾਨ ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਜੇਕਰ ਵਿਅਕਤੀ ਦੇ ਨੱਕ ਮੂੰਹ ਵਿਚੋਂ ਖ਼ੂਨ ਆ ਰਿਹਾ ਹੋਵੇ ਜਾਂ ਵਿਅਕਤੀ ਬੇਹੋਸ਼ ਹੋਵੇ ਅਤੇ ਉਸ ਦਾ ਸਾਹ ਚੱਲ ਰਿਹਾ ਹੋਵੇ ਤਾਂ ਉਸ ਵਿਅਕਤੀ ਨੂੰ ਰਿਕਵਰੀ ਪੁਜ਼ੀਸ਼ਨ ਭਾਵ ਵੱਖੀ ਵਾਲੇ ਪਾਸੇ ਕਰਕੇ ਹਸਪਤਾਲ ਲੈਕੇ ਆਉਣਾ ਚਾਹੀਦਾ ਹੈ। ਇਸ ਤਰਾਂ ਕਰਨ ਦੇ ਨਾਲ ਉਸ ਵਿਅਕਤੀ ਦੇ ਫੇਫੜਿਆਂ ਵਿਚ ਖ਼ੂਨ ਨਹੀਂ ਜਾਂਦਾ ਅਤੇ ਉਸ ਨੂੰ ਸਾਹ ਲੈਣ ਵਿਚ ਆਸਾਨੀ ਹੁੰਦੀ ਹੈ। ਇਸ ਤੋ ਇਲਾਵਾ ਉਨ੍ਹਾਂ ਵਲੋ ਦੱਸਿਆ ਗਿਆ ਕਿ ਅਗਰ ਕਿਸੇ ਵਿਅਕਤੀ ਦੇ ਗਲੇ ਵਿਚ ਕੋਈ ਚੀਜ਼ ਫਸ ਜਾਵੇ ਤਾਂ ਸਾਨੂੰ ਕਿਹੜੇ ਤਰੀਕੇ ਦੇ ਨਾਲ ਬਾਹਰ ਕੱਢਣੀ ਚਾਹੀਦੀ ਹੈ ਇਸ ਬਾਰੇ ਵਿਸਤਾਰਪੂਰਵਕ ਪ੍ਰਰੈਟੀਕਲ ਕਰਕੇ ਦੱਸੇ ਗਏ ਅਤੇ ਸਾਰਿਆ ਨੂੰ ਅਪੀਲ ਕੀਤੀ ਕਿ ਫ਼ਸਟ ਏਡ ਦੀ ਜਾਣਕਾਰੀ ਸਾਨੂੰ ਹਰ ਇੱਕ ਵਿਅਕਤੀ ਨੂੰ ਆਪਣੀ ਜ਼ਿੰਦਗੀ ਵਿਚ ਜ਼ਰੂਰ ਪ੍ਰਾਪਤ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਮੈਡਮ ਸੁਮਨ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਗੁਰਦਾਸਪੁਰ, ਸੀ.ਡੀ.ਪੀ.ਓ, ਗੁਰਦਾਸਪੁਰ ਅਤੇ ਆਂਗਣਵਾੜੀ ਵਰਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਕੇਂਦਰ ਵੱਲੋਂ ਸੂਬੇ ਦੇ ਫੰਡ ਜਾਣਬੁੱਝ ਕੇ ਰੋਕਣ ਦਾ ਮੁੱਦਾ ਲੋਕ ਸਭਾ ਵਿਚ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ-ਮੀਤ ਹੇਅਰ

ਨਵੀਂ ਦਿੱਲੀ, ਜੂਨ 26 (ਮਨਪ੍ਰੀਤ ਸਿੰਘ ਖਾਲਸਾ):- ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਤੇ ਸੂਬੇ ਦੇ ਵਿੱਤੀ ਹਿੱਤਾਂ ਨੂੰ ਢਾਅ ਲਾਉਣ ਲਈ ਮਨਸੂਬੇ ਤਹਿਤ ਕੰਮ ਕਰਨ ਦਾ ਦੋਸ਼ ਲਾਉਂਦਿਆਂ ਲੋਕ ਸਭਾ ਹਲਕਾ ਸੰਗਰੂਰ ਤੋਂ ਸੰਸਦ ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਉਹ ਕੇਂਦਰ ਵੱਲੋਂ ਪੇਂਡੂ ਵਿਕਾਸ ਫੰਡ ਅਤੇ ਮੰਡੀ ਵਿਕਾਸ ਫ਼ੰਡ ਦਾ 7 ਹਜ਼ਾਰ ਕਰੋੜ ਤੇ ਕੌਮੀ ਸਿਹਤ ਮਿਸ਼ਨ, ਸਰਵ ਸਿੱਖਿਆ ਅਭਿਆਨ ਅਤੇ ਹੋਰ ਕੇਂਦਰੀ ਸਕੀਮਾ ਤਹਿਤ ਸੂਬੇ ਦੇ ਫੰਡਾਂ ਨੂੰ ਕੇਂਦਰ ਦੁਆਰਾ ਜਾਣਬੁਝ ਰੋਕਣ ਦਾ ਮੁੱਦਾ ਪਾਰਲੀਮੈਂਟ ਵਿਚ ਜ਼ੋਰਦਾਰ ਤਰੀਕੇ ਉਠਾਉਣਗੇ। ਅੱਜ ਇਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਕੇਂਦਰ ਵੱਲੋਂ ਪੰਜਾਬ ਦੇ ਵਿੱਤੀ ਹੱਕਾਂ 'ਤੇ ਕੇਂਦਰ ਦੇ ਹੋ ਰਹੇ ਇਸ ਹਮਲੇ ਖਿਲਾਫ ਜ਼ੋਰਦਾਰ ਆਵਾਜ਼ ਉਠਾਉਣਗੇ ਜਦੋਂ ਤੱਕ ਸੂਬੇ ਨੂੰ ਇਨਸਾਫ਼ ਨਹੀਂ ਮਿਲ ਜਾਂਦਾ। ਲੋਕ ਸਭਾ ਦੇ ਸਪੀਕਰ ਦੀ ਚੋਣ ਨੂੰ ਲੈ ਕੇ ਪੁੱਛੇ ਇਕ ਸਵਾਲ ਦੇ ਜਵਾਬ ਵਿਚ ਸ਼੍ਰੀ ਮੀਤ ਹੇਅਰ ਨੇ ਕਿਹਾ ਕਿ ਭਾਰਤੀ ਲੋਕਤੰਤਰ ਵਿਚ ਰਵਾਇਤ ਰਹੀ ਹੈ ਕਿ ਲੋਕ ਸਭਾ ਵਿਚ ਸਪੀਕਰ ਸੱਤਾਧਾਰੀ ਧਿਰ ਦਾ ਰਿਹਾ ਹੈ ਜਦ ਕਿ ਡਿਪਟੀ ਸਪੀਕਰ ਹਮੇਸ਼ਾ ਵਿਰੋਧੀ ਧਿਰ ਨਾਲ ਸਬੰਧਤ ਰਿਹਾ ਹੈ ਪਰ ਭਾਜਪਾ ਇਸ ਲੋਕਤੰਤਰ ਪੱਖੀ ਰਵਾਇਤ ਨੂੰ ਤੋੜ ਰਹੀ ਹੈ। ਉਹਨਾਂ ਕਿਹਾ ਕਿ ਭਾਜਪਾ ਦੇ ਲੋਕਤੰਤਰ ਵਿਰੋਧੀ ਕਦਮ ਖਿਲਾ.ਫ ਡਟਣ ਦੀ ਭਾਵਨਾ ਨਾਲ ਵਿਰੋਧੀ ਧਿਰਾਂ ਨੇ ਸਪੀਕਰ ਦੀ ਚੋਣ ਕਰਵਾਏ ਜਾਣ ਦਾ ਫੈਸਲਾ ਲਿਆ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਦੀ ਪਾਰਲੀਮਾਨੀ ਚੋਣ ਹੀ ਸੰਵਿਧਾਨ ਤੇ ਲੋਕਤੰਤਰ ਨੂੰ ਬਚਾਉਣ ਦੇ ਮੁੱਦੇ ਤੇ ਲੜੀ ਗਈ ਸੀ ਜਿਸ ਨੂੰ ਪੂਰੇ ਮੁਲਕ ਦੇ ਲੋਕਾਂ ਨੇ ਉਸਾਰੂ ਹੁੰਗਾਰਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਉਹਨਾਂ ਨੂੰ ਲੋਕ ਸਭਾ ਵਿਚ ਚੁਣਕੇ ਭੇਜਿਆ ਹੈ ਅਤੇ ਉਹ ਸੂਬੇ ਦੇ ਹੱਕਾਂ ਨੂੰ ਹਰ ਪੱਖੋਂ ਮਹਿਫੂਜ਼ ਰੱਖਣ ਲਈ ਕੇਂਦਰ ਦੇ ਪੰਜਾਬ ਵਿਰੋਧੀ ਹਰ ਫੈਸਲੇ ਦਾ ਜ਼ੋਰਦਾਰ ਵਿਰੋਧ ਕਰਨਗੇ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਬਾਬਾ ਹੰਦਾਲ ਸਾਹਿਬ ਜੰਡਿਆਲਾ ਗੁਰੂ ਵਿਖੇ

# ਸੰਤ ਬਾਬਾ ਸੰਤੋਖ ਮੁਨੀ ਜੀ ਦੀ 49ਵੀਂ ਬਰਸੀ ਮਨਾਈ ਗਈ ਵੱਖ ਵੱਖ ਸਿਆਸੀ ਧਾਰਮਿਕ ਆਗੂਆਂ ਭਰੀ ਹਾਜ਼ਰੀ



**ਜੰਡਿਆਲਾ ਗੁਰੂ, 26 ਜੂਨ ( ਕੁਲਵੰਤ ਸਿੰਘ ਵਿਰਦੀ)**-ਅੱਜ ਤਪ ਅਸਥਾਨ ਗੁਰਦੁਆਰਾ ਬਾਬਾ ਹੰਦਾਲ ਸਾਹਿਬ ਜੀ ਜੰਡਿਆਲਾ ਗੁਰੂ ਵਿਖੇ ਸੰਤ ਬਾਬਾ ਸੰਤੋਖ ਮੁਨੀ ਜੀ ਦੀ ਸਾਲਾਨਾ ਬਰਸੀ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਗਈ ਗੁਰਦੁਆਰਾ ਸਾਹਿਬ ਜੀ ਦੇ ਮੁੱਖ ਸੰਚਾਲਕ ਸੰਤ ਬਾਬਾ ਪਰਮਾਨੰਦ ਜੀ ਨੇ ਕਿਹਾ ਕਿ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੰਤ ਬਾਬਾ ਸੰਤੋਖ ਮੁਨੀ ਜੀ ਦੀ ਸਾਲਾਨਾ 49ਵੀਂ ਬਰਸੀ ਮਨਾਈ ਗਈ ਹੈ ਇਸ ਬਰਸੀ ਨੂੰ ਸਮਰਪਿਤ ਮਿਤੀ 24 ਦਿਨ ਸੋਮਵਾਰ 11ਹਾੜ ਨੂੰ 13 ਸ੍ਰੀ ਆਖੰਡ ਪਾਠਾਂ ਸਾਹਿਬ ਜੀ ਦੀ ਲੜੀ ਦੀ ਆਰੰਭਤਾ ਹੋਈ ਸੀ ਅਤੇ ਅੱਜ ਮਿਤੀ 26 ਜੂਨ ਦਿਨ ਬੁੱਧਵਾਰ 13 ਹੜ ਨੂੰ ਸਵੇਰੇ 10 ਵਜੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਭੋਗ ਤੋਂ ਉਪਰੰਤ ਗੁਰਦੁਆਰਾ ਸਾਹਿਬ ਜੀ ਦੇ ਦੀਵਾਨ ਹਾਲ ਵਿੱਚ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਜੀ ਵਿਸ਼ੇਸ਼ ਤੌਰ ਤੇ ਹਾਜ਼ਰੀਆਂ ਭਰ ਕੇ ਸੰਗਤਾਂ ਨੂੰ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਾ ਕੀਤਾ ਉਪਰੰਤ ਹਜ਼ੂਰੀ ਰਾਗੀ ਭਾਈ ਸਤਨਾਮ ਸਿੰਘ ਜੀ ਜੰਡਿਆਲਾ ਗੁਰੂ ਦੇ ਜਥੇ ਵੱਲੋ ਧੁਰ ਕੀ ਬਾਣੀ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਉਪਰੰਤ ਬਰਸੀ ਮੌਕੇ ਆਏ ਵੱਖ ਵੱਖ ਕਵੀਸ਼ਰੀ ਜਥਿਆ ਨੇ ਹਾਜ਼ਰੀ ਭਰੀ ਅਤੇ ਕਵਿਸ਼ਰ ਭਾਈ ਗੁਰਨਾਮ ਸਿੰਘ ਮੱਲੀ ਵੱਲੋਂ ਬਾਬਾ ਜੀ ਦੀ ਜੀਵਨੀ ਬਾਰੇ ਚਾਨਣਾ ਪਾਇਆ ਗਿਆ ਦੀਵਾਨ ਦੀ ਸਮਾਪਤੀ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਜੀ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਇਸ ਮੌਕੇ ਤੇ ਗੁਰਦੁਆਰਾ ਸਾਹਿਬ ਜੀ ਦੇ ਮੁੱਖ ਸੰਚਾਲਕ ਸੰਤ ਬਾਬਾ ਪਰਮਾਨੰਦ ਜੀ ਨੇ ਆਈਆ ਹੋਈਆਂ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਧੰਨਵਾਦ ਕੀਤਾ ਇਸ ਮੌਕੇ ਧਾਰਮਿਕ ਤੇ ਸਿਆਸੀ ਆਗੂਆਂ ਨੇ ਹਾਜ਼ਰੀ ਭਰੀ ਜਿਨ੍ਹਾਂ ਵਿੱਚੋਂ ਸਾਬਕਾ ਵਿਧਾਇਕ ਅਜੈਪਾਲ ਸਿੰਘ ਮੀਰਾਂਕੋਟ, ਸੁਪਰਡੈਂਟ ਕੰਵਲ ਕੁਲਦੀਪ ਸਿੰਘ ਮੱਲੀ, ਡਾਇਰੈਕਟਰ ਮੰਗਲ ਸਿੰਘ ਕਿਸ਼ਨਪੁਰੀ, ਐਡਵੋਕੇਟ ਰਾਜ ਕੁਮਾਰ ਮਲਹੋਤਰਾ ਸਾਬਕਾ ਪ੍ਰਧਾਨ ਨਗਰ ਕੌਂਸਲਰ ,ਸਵਿੰਦਰ ਸਿੰਘ ਚੰਦੀ ਮੇਬਰ ਸ੍ਰੋਮਣੀ ਅਕਾਲੀ ਦਲ ਸਲਾਹਕਾਰ ਕੇਮਟੀ , ਡਾ ਰਾਜ ਕੁਮਾਰ ਰਾਜੂ ,ਸੁਰਿੰਦਰ ਸਿੰਘ ਹੀਰਾ ,ਬਲ ਸਿੰਘ ਜਾਣੀਆਂ, ਕਾਂਗਰਸ ਪਾਰਟੀ ਦੇ ਜਿਲ੍ਹਾ ਅੰਮ੍ਰਿਤਸਰ ਦੇ ਮੀਤ ਪ੍ਰਧਾਨ ਅਵਤਾਰ ਸਿੰਘ ਟੱਕਰ ਜਾਣੀਆਂ ਅਮਰੀਕ ਸਿੰਘ ਭਲਵਾਨ, ਮੈਨੇਜਰ ਜਸਜੀਤ ਸਿੰਘ ਢਿੱਲੋਂ, ਗੁਰਦੁਆਰਾ ਸਾਹਿਬ ਜੀ ਹੈੱਡ ਗ੍ਰੰਥੀ ਭਾਈ ਪ੍ਰਕਾਸ਼ ਸਿੰਘ , ਠੇਕੇਦਾਰ ਸੁਦਾਗਰ ਸਿੰਘ ਲਾਲੀ, ਕੰਵਲਜੀਤ ਸਿੰਘ ਸਾਬਕਾ ਸਰਪੰਚ ਧਾਰੜ, ਸ਼ੇਰਅਮੀਤ ਸਿੰਘ, ਸ਼ਰਨਜੀਤ ਸਿੰਘ ਜਾਣੀਆਂ, ਪੰਚ ਬਲਵਿੰਦਰ ਸਿੰਘ, ਹਰਦਿਆਲ ਸਿੰਘ ਜਾਣੀਆਂ ਆਦਿ ਭਾਰੀ ਗਿਣਤੀ ਵਿੱਚ ਸੰਗਤਾਂ ਵੱਲੋਂ ਗੁਰੂ ਘਰ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਇਸ ਮੌਕੇ ਤੇ ਠੰਡੇ ਮਿੱਠੇ ਜਲ ਦੀ ਛਬੀਲ ਤੇ ਚਾਹ ਪਕੌੜੇ, ਬੂਦੀ , ਅਤੇ ਗੁਰੂ ਕਾ ਅਤੁੱਟ ਲੰਗਰ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਸਿਵਲ ਹਸਪਤਾਲ ਬਟਾਲਾ ਵਿਖੇ ਨਸ਼ਿਆਂ ਵਿਰੋਧੀ ਦਿਵਸ ਮੌਕੇ

# ਗਤੀਵਿਧੀਆਂ ਕਰਵਾਈਆਂ ਗਈਆਂ ਅਤੇ ਪੋਸਟਰ ਵੰਡੇ ਗਏ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 26 ਜੂਨ ਕੁਲਜੀਤ ਸਿੰਘ ਖੋਖਰ** -ਮਾਨ ਜੋਗ ਸਿਵਲ ਸਰਜਨ ਗੁਰਦਾਸਪੁਰ ਸਾਹਿਬ ਅਤੇ ਡੀ ਐਮ ਸੀ ਸਾਹਿਬ ਦੇ ਹੁਕਮਾਂ ਅਨੁਸਾਰ ,ਸੀਨੀਅਰ ਮੈਡੀਕਲ ਅਫ਼ਸਰ ਸਿਵਲ ਹਸਪਤਾਲ ਬਟਾਲਾ ਡਾ ਰਾਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ Dr Maiteryi ਅਗਵਾਈ ਹੇਠ ਨਸ਼ਾ ਵਿਰੋਧੀ ਦਿਵਸ ਦੇ ਮੱਦੇਨਜ਼ਰ ਸਬ ਡਵੀਜ਼ਨਲ ਹਸਪਤਾਲ, ਬਟਾਲਾ ਵਿਖੇ ਗਤੀਵਿਧੀਆਂ ਕਰਵਾਇਆ ਗਾਈਆਂ। ਫੁਹਾਰਾ ਚੌਂਕ, ਨਸ਼ਾ ਮੁਕਤੀ ਕੇਂਦਰ ਅਤੇ ਓਟ ਸੈਂਟਰ ਵਿਚ ਤੰਬਾਕੂ ਵਿਰੋਧੀ ਇਸ਼ਿਤਹਾਰ ਵੰਡੇ ਗਏ ਸ੍ਰੀ ਡੇਵਿਡ ਗਿੱਲ ਵੱਲੋਂ ਨਸ਼ਾ ਮੁਕਤੀ ਕੇਂਦਰ ਅਤੇ ਓਟ ਸੈਂਟਰ ਵਿਚ ਆਏ ਕਲਾਇੰਟਸ ਦੀ ਨਸ਼ੇ ਛੱਡਣ ਲਈ ਕਾਉਂਸਲਿੰਗ ਅਤੇ ਮੋਟੀਵੇਸ਼ਨ ਕੀਤੀ ਗਈ। ਸਾਈਕਲ ਰੈਲੀ ਕਾਰਵਾਈ ਗਈ।ਦੌੜ ਕਾਰਵਾਈ ਕੀਤੀ ।ਸੈਮੀਨਾਰ ਕਰਵਾਇਆ ਗਿਆ। ਪੋਸਟਰ ਮੁਕਾਬਲੇ ਕਰਵਾਏ ਗਏ। ਨਸ਼ਿਆਂ ਵਿਰੋਧੀ ਸਹੁੰ ਲਈ ਗਈ । ਡਾਕਟਰ ਪੁਨੀਤ ਨੇ ਦੰਦਾਂ ਨੂੰ ਨਸ਼ਿਆਂ ਨਾਲ ਹੋਣ ਵਾਲੇ ਨੁਕਸਾਨ ਬਾਰੇ ਜਾਣਕਾਰੀ ਦਿੱਤੀ।Dr Maiteryi ਨੇ ਨਸ਼ਿਆਂ ਨਾਲ ਸ਼ਰੀਰ, ਦਿਮਾਗ ਪਰਿਵਾਰ ਅਤੇ ਸਮਾਜ ਤੇ ਪੈਂਦੇ ਬੁਰੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਪੋਸਟਰ ਮੁਕਾਬਲੇ ਕਰਵਾਏ ਗਏ ਅਤੇ ਜੇਤੂਆਂ ਨੂੰ ਇਨਾਮ ਵੰਡੇ ਗਏ। ਸੈਮੀਨਾਰ ਵਿੱਚ VMS ਨਰਸਿੰਗ ਕਾਲਜ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਹਿੱਸਾ ਲਿਆ । ਇਸ ਮੌਕੇ ਤੇ pharmacy ਅਫਸਰ Ajay ਪਾਲ singh, ਨਰਸਿੰਗ ਅਫਸਰ ਰਣਜੀਤ ਕੌਰ, Yashpal, ਰਣਜੀਤ ਸਿੰਘ ਮੌਜੂਦ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

# ਪੁਲਿਸ ਲੋਕਾਂ ਦੀ ਸੁਰੱਖਿਆ ਲਈ 24 ਘੰਟੇ ਹਾਜ਼ਰ ਹੈ - ਏ.ਡੀ.ਸੀ.ਪੀ ਅਭੀਮੰਨੀਊ ਰਾਣਾ



**ਚੌਕ ਮਹਿਤਾ, 26 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )** - ਪਾਵਨ ਸ੍ਰੀ ਵਾਲਮੀਕਿ ਤੀਰਥ ਐਕਸ਼ਨ ਕਮੇਟੀ ਵੱਲੋਂ ਅੱਜ ਚੇਅਰਮੈਨ ਕੁਮਾਰ ਦਰਸ਼ਨ,ਪੰਜਾਬ ਪ੍ਰਧਾਨ ਸ਼ਸ਼ੀ ਗਿੱਲ ਦੀ ਅਗਵਾਈ ਵਿੱਚ ਅੰਮ੍ਰਿਤਸਰ ਦੇ ਨਵ-ਨਿਯੁੱਕਤ ਏ.ਡੀ.ਸੀ.ਪੀ ਅੰਮ੍ਰਿਤਸਰ 2 ਅਭੀਮੰਨੀਊ ਰਾਣਾ ਆਈ.ਪੀ.ਐਸ ਨੂੰ ਚਾਰਜ ਸੰਭਾਲਣ ‘ਤੇ ਫੁੱਲਾਂ ਦਾ ਗੁਲਦਸਤਾ ਦੇ ਕੇ ਜੀ ਆਇਆਂ ਆਖਿਆ ਅਤੇ ਵਿਸ਼ੇਸ਼ ਤੌਰ ‘ਤੇ ਸਨਮਾਨਿਤ ਕੀਤਾ।ਇਸ ਮੌਕੇ ਉਘੇ ਸਮਾਜ ਸੇਵਕ ਰਾਕੇਸ਼ ਕੁਮਾਰ ਰਿੰਕੂ ਛੇਹਰਟਾ,ਸੁਖਵਿੰਦਰ ਸਿੰਘ ਸੁੱਖ ਆਰਟੀਟੈਕਟ,ਦੀਪਕ ਲੱਡੂ ,ਸੰਨੀ ਵਾਲਮੀਕਿ,ਸੀਨੀਅਰ ਪੱਤਰਕਾਰ ਕੰਵਲਜੀਤ ਸਿੰਘ ਵਾਲੀਆ ਆਦਿ ਹਾਜ਼ਰ ਸਨ।ਇਸ ਮੌਕੇ ਏ.ਡੀ.ਸੀ.ਪੀ ਅਭੀਮੰਨੀਊ ਰਾਣਾ ਨੇ ਕਿਹਾ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਰਣਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਨਾ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਸ਼ਖਤ ਤੋਂ ਸ਼ਖਤ ਕਦਮ ਉਠਾਏ ਜਾਣਗੇ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਕਿਸੇ ਵੀ ਕੀਮਤ ‘ਤੇ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਜ਼ਲਦੀ ਹੀ ਪੁਲਿਸ ਪਬਲਿਕ ਮੀਟਿੰਗਾਂ ਕਰਕੇ ਪਬਲਿਕ ਅਤੇ ਪੁਲਿਸ ਵਿਚਲੀ ਦੂਰੀ ਨੂੰ ਹੋਰ ਘਟਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਪੁਲਿਸ ਲੋਕਾਂ ਦੀ ਸੁਰੱਖਿਆ ਲਈ 24 ਘੰਟੇ ਹਾਜ਼ਰ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਜੈਨੇਸਿਸ ਡੈਂਟਲ ਕਾਲਜ ਤੇ ਹਸਪਤਾਲ ਦੇ ਸਟਾਫ ਨੇ ਪਿਆਰੇਆਣਾ ਵਿਖੇ ਲਾਇਆ ਚੈਕਅਪ ਕੈਂਪ



ਫ਼ਿਰੋਜ਼ਪੁਰ, 26 ਜੂਨ (ਮਨੋਹਰ ਲਾਲ) :— ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਵੱਲੋਂ ਹਰ ਵਿਅਕਤੀ ਨੂੰ ਦੰਦਾਂ ਦੀ ਸੰਭਾਲ ਬਾਰੇ ਜਾਗਰੂਕ ਕਰਨ ਦੇ ਮਨੋਰਥ ਨਾਲ ਪਿੰਡ ਪਿਆਰੇਆਣਾ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਦੰਦਾਂ ਦਾ ਮੁਫਤ ਚੈਕਅਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਜੈਨੇਸਿਸ ਡੈਂਟਲ ਕਾਲਜ ਤੋਂ ਡਾ: ਸੁਕੀਰਤ ਕੌਰ, ਡਾ: ਸਾਹਿਲ ਅਤੇ ਡਾ: ਪ੍ਰਭਮ ਨੇ ਸ਼ਿਰਕਤ ਕਰਕੇ ਹਾਜ਼ਰ ਮਰੀਜਾਂ ਦੇ ਦੰਦਾਂ ਦਾ ਚੈਕਅਪ ਕਰਕੇ ਦੰਦਾਂ ਦੀ ਸੰਭਾਲ ਬਾਰੇ ਨੁਕਤੇ ਸਾਂਝੇ ਕੀਤੇ।ਇਸ ਮੌਕੇ ਬੋਲਦਿਆਂ ਡਾ: ਸੁਕੀਰਤ ਕੌਰ ਅਤੇ ਡਾ: ਸਾਹਿਲ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਸਭ ਤੋਂ ਜਿਆਦਾ ਮਰੀਜ ਦੰਦਾਂ ਦੇ ਸੜਨ ਅਤੇ ਦੰਦਾਂ ਦੀਆਂ ਸਮੱਸਿਆਵਾਂ ਤੋਂ ਪੀੜਤ ਪਾਏ ਗਏ, ਜਿਨ੍ਹਾਂ ਦਾ ਇਲਾਜ ਕਰਨ ਦੇ ਨਾਲ—ਨਾਲ ਖਾਣ—ਪੀਣ ਬਾਰੇ ਜਾਗਰੂਕ ਕੀਤਾ ਗਿਆ। ਉਨ੍ਹਾਂ ਹਰ ਵਿਅਕਤੀ ਨੂੰ ਅਪੀਲ ਕਰਦਿਆਂ ਦੰਦਾਂ ਦੀ ਦੇਖਭਾਲ ਲਈ ਸੁਝਾਅ ਸਾਂਝੇ ਕੀਤੇ ਅਤੇ ਹਰ ਵਿਅਕਤੀ ਨੂੰ ਦਿਨ ਵਿਚ ਦੋ ਵਾਰ ਬੁਰਸ਼ ਕਰਨ ਦੀ ਸਲਾਹ ਦਿੱਤੀ। ਇਸ ਮੌਕੇ ਕਾਲਜ ਦੇ ਪੀ.ਆਰ.ਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਨੇ ਮਰੀਜਾਂ ਨੂੰ ਟੂਥ ਬੁਰਸ਼ ਅਤੇ ਪੇਸਟਾਂ ਮੁਫਤ ਵੰਡਦਿਆਂ ਆਪਣੇ ਮੂੰਹ ਅਤੇ ਦੰਦਾਂ ਪ੍ਰਤੀ ਸੁਹਿਰਤ ਹੋਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਆਦਿੱਤਿਆ ਉੱਪਲ, ਆਈ.ਏ.ਐੱਸ. ਨੇ ਐਡੀਸ਼ਨਲ ਚਾਰਜ ਵਜੋਂ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਦਾ ਅਹੁਦਾ ਸੰਭਾਲਿਆ

## ਸ੍ਰੀ ਵਿਸ਼ੇਸ਼ ਸਾਰੰਗਲ 26 ਜੂਨ ਤੋਂ 2 ਜੁਲਾਈ 2024 ਤੱਕ ਛੁੱਟੀ ’ਤੇ ਗਏ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 26 ਜੂਨ (ਕੁਲਜੀਤ ਸਿੰਘ ਖੋਖਰ)**-ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ, ਆਈ.ਏ.ਐੱਸ. ਦੇ ਛੁੱਟੀ ਜਾਣ ਤੋਂ ਬਾਅਦ ਪਠਾਨਕੋਟ ਦੇ ਡਿਪਟੀ ਕਮਿਸ਼ਨਰ ਸ੍ਰੀ ਆਦਿੱਤਿਆ ਉੱਪਲ, ਆਈ.ਏ.ਐੱਸ. ਨੇ ਅੱਜ ਐਡੀਸ਼ਨਲ ਚਾਰਜ ਵਜੋਂ ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਦਾ ਅਹੁਦਾ ਸੰਭਾਲ ਲਿਆ ਹੈ। ਸ੍ਰੀ ਵਿਸ਼ੇਸ਼ ਸਾਰੰਗਲ, ਆਈ.ਏ.ਐੱਸ. 26 ਜੂਨ ਤੋਂ 2 ਜੁਲਾਈ 2024 ਤੱਕ ਛੁੱਟੀ ’ਤੇ ਗਏ ਹਨ। ਡਿਪਟੀ ਕਮਿਸ਼ਨਰ ਸ੍ਰੀ ਆਦਿੱਤਿਆ ਉੱਪਲ ਦਾ ਡਿਪਟੀ ਕਮਿਸ਼ਨਰ ਦਫ਼ਤਰ, ਗੁਰਦਾਸਪੁਰ ਪਹੁੰਚਣ ’ਤੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਸੁਭਾਸ਼ ਚੰਦਰ, ਐੱਸ.ਡੀ.ਐੱਮ. ਦੀਨਾਨਗਰ ਸ੍ਰੀ ਗੁਰਦੇਵ ਸਿੰਘ ਧਾਮ ਅਤੇ ਡੀ.ਸੀ. ਦਫ਼ਤਰ ਦੇ ਸਟਾਫ਼ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਡਿਪਟੀ ਕਮਿਸ਼ਨਰ ਗੁਰਦਾਸਪੁਰ ਵਜੋਂ ਅਹੁਦਾ ਸੰਭਾਲਣ ਤੋਂ ਬਾਅਦ ਸ੍ਰੀ ਆਦਿੱਤਿਆ ਉੱਪਲ, ਆਈ.ਏ.ਐੱਸ. ਨੇ ਕਿਹਾ ਕਿ ਸਰਕਾਰ ਦੀਆਂ ਲੋਕ ਪੱਖੀ ਸਕੀਮਾਂ ਦਾ ਲੋੜਵੰਦ ਲੋਕਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਉਣ ਦੇ ਨਾਲ ਸਮੇਂ ਸਿਰ ਲੋਕਾਂ ਦੀਆਂ ਮੁਸ਼ਕਲਾਂ ਦਾ ਨਿਪਟਾਰਾ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਰਕਾਰੀ ਦਫ਼ਤਰਾਂ ਵਿਚ ਲੋਕਾਂ ਨੂੰ ਰੋਜ਼ਮਰਾਂ ਦੇ ਕੰਮਾਂ ਵਿੱਚ ਕਿਸੇ ਵੀ ਤਰਾਂ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV

## ਲੰਡਨ ਵਿਖੇ ਦਮਦਮੀ ਟਕਸਾਲ ਦੇ ਸਹਿਯੋਗ ਤੇ ਅਗਵਾਈ 'ਚ

# ਜੂਨ 84 ਘੱਲੂਘਾਰੇ ਦੀ 40ਵੀ ਵਰ੍ਹੇਗੰਢ ਮਨਾਈ ਗਈ

### ਇੰਗਲੈਂਡ ਦੀਆ ਸੰਗਤਾਂ, ਵੱਖ-ਵੱਖ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੇ ਨੌਜਵਾਨਾ ਵਲੋਂ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਵਿਸ਼ੇਸ਼ ਸਨਮਾਨ






ਚੌਂਕ ਮਹਿਤਾ,26 ,ਜੂਨ(ਬਾਬਾ ਸੁਖਵੰਤ ਸਿੰਘ ਚੰਨਣਕੇ )- ਜੂਨ 84 ਤੀਸਰੇ ਘੱਲੂਘਾਰੇ ਦੌਰਾਨ ਗੁਰਧਾਮਾਂ 'ਤੇ ਚੜ੍ਹ ਕੇ ਆਈਆਂ ਭਾਰਤੀ ਫੌਜਾਂ ਦਾ ਸਾਹਮਣਾ ਕਰਦੇ ਹੋਏ ਸ਼ਹਾਦਤ ਦਾ ਜਾਮ ਪੀਣ ਵਾਲੇ ਅਮਰ ਸ਼ਹੀਦ ਸੰਤ ਗਿ.ਜਰਨੈਲ ਸਿੰਘ ਭਿੰਡਰਾਂਵਾਲੇ ਤੇ ਉਨ੍ਹਾਂ ਨਾਲ ਸ਼ਹੀਦ ਹੋਏ ਭਾਈ ਅਮਰੀਕ ਸਿੰਘ,ਬਾਬਾ ਠਾਹਰਾ ਸਿੰਘ ਤੇ ਜਰਨਲ ਸੁਬੇਗ ਸਿੰਘ ਸਮੇਤ ਇਸ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਮਨਾਉਣ ਇੰਗਲੈਂਡ ਪੁੱਜੇ ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਅਗਵਾਈ ਹੇਠ ਲੰਡਨ 'ਚ ਕਰਾਏ ਗਏ ਤਿੰਨ ਰੋਜ਼ਾ ਸ਼ਹੀਦੀ ਸਮਾਗਮ ਸਫਲਤਾਪੂਰਵਕ ਸੰਪੰਨ ਹੋ ਗਏ ਹਨ।ਇਸ ਮੌਕੇ ਸੰਤ ਗਿ.ਹਰਨਾਮ ਸਿੰਘ ਖਾਲਸਾ ਪ੍ਰਤੀ ਜਿੱਥੇ ਇੰਗਲੈਂਡ ਦੀਆ ਸੰਗਤਾਂ 'ਚ ਵੱਡਾ ਉਤਸ਼ਾਹ ਤੇ ਪਿਆਰ ਹੈ,ਉੱਥੇ ਹੀ ਲੰਡਨ ਦੇ ਨੌਜਵਾਨਾਂ ਵੱਲੋਂ ਦਮਦਮੀ ਟਕਸਾਲ ਮੁਖੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਗੁਰਦੁਆਰਾ ਗਰੀਬ ਨਿਵਾਜ਼ ਸਪਰਿੰਗਫੀਲਡ ਰੋਡ ਹੇਜ਼ (ਲੰਡਨ )ਵਿਖੇ ਦਮਦਮੀ ਟਕਸਾਲ ਵੱਲੋਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ ਤੇ ਲੰਡਨ ਦੇ ਨੌਜਵਾਨਾਂ ਦੇ ਸਹਿਯੋਗ ਨਾਲ ਕਰਾਏ ਗਏ ਇਸ ਤਿੰਨ ਰੋਜ਼ਾ ਸ਼ਹੀਦੀ ਸਮਾਗਮ ਦੌਰਾਨ ਲੱਖਾਂ ਦੀ ਗਿਣਤੀ 'ਚ ਸੰਗਤਾਂ ਦਾ ਇੱਕ ਭਾਰੀ ਇਕੱਠ ਦੇਖਣ ਨੂੰ ਮਿਲਿਆ ਤੇ ਜਿਸ ਧਰਤੀ 'ਤੇ ਅੱਜ ਤੱਕ ਸਿਰਫ ਰੋਸ ਮੁਜ਼ਾਹਰੇ ਹੀ ਦੇਖਣ-ਸੁਣਨ ਨੂੰ ਮਿਲਦੇ ਸੀ,ਇਸ ਵਾਰ ਉਸ ਧਰਤੀ 'ਤੇ ਦਮਦਮੀ ਟਕਸਾਲ ਵੱਲੋਂ ਪਹਿਲਾ ਤੇ ਵੱਡਾ ਸ਼ਹੀਦੀ ਸਮਾਗਮ ਆਯੋਜਿਤ ਕੀਤਾ ਗਿਆ,ਜੋ ਪੂਰੀ ਤਰ੍ਹਾਂ ਸਫਲ ਰਿਹਾ।ਇਸ ਸਮਾਗਮ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸੰਗਤਾਂ ਨਾਲ ਕਥਾ ਵਿਚਾਰ ਦੀ ਸਾਂਝ ਪਾਉਂਦਿਆ ਤੀਸਰੇ ਘੱਲੂਘਾਰੇ ਦੌਰਾਨ ਹੋਈਆਂ ਸ਼ਹਾਦਤਾਂ ਤੇ ਸਮੇਂ ਦੀਆ ਜਾਬਰ ਸਰਕਾਰਾਂ ਵੱਲੋਂ ਸਿੱਖ ਕੌਮ ਉਪੱਰ ਕੀਤੇ ਗਏ ਅਣਮਨੁੱਖੀ ਤਸ਼ੱਦਦ ਦਾ ਇਤਿਹਾਸ 'ਤੇ ਸੰਖੇਪ ਚਾਨਣਾ ਪਾਇਆ।ਉਨ੍ਹਾਂ ਨੇ ਉੱਥੋਂ ਦੀ ਨੌਜਵਾਨ ਪੀੜ੍ਹੀ ਦਾ ਭਰਪੂਰ ਸ਼ਲਾਘਾ ਕਰਦਿਆ ਕਿਹਾ ਕਿ ਇਹ ਨੌਜਵਾਨਾਂ ਦਾ ਹੀ ਵੱਡਾ ਉਪਰਾਲਾ ਹੈ,ਜਿਸ ਸਦਕਾ ਇੰਗਲੈਂਡ ਦੀ ਧਰਤੀ 'ਤੇ ਅੱਜ ਕੌਮ ਦੇ ਸ਼ਹੀਦਾਂ ਨੂੰ ਯਾਦ ਕੀਤਾ ਜਾ ਰਿਹਾ ਹੈ ਤੇ ਉਨ੍ਹਾਂ ਦੀਆਂ ਸ਼ਹਾਦਤਾਂ ਨੂੰ ਸਿਜਦਾ ਹੁੰਦੇ ਹੋਏ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਦਿੱਤੀਆ ਜਾ ਰਹੀਆਂ ਹਨ।ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਅੱਗੇ ਆਉਣ ਤੇ ਪੰਥ ਦੀ ਵਾਂਗ ਡੋਰ ਸੰਭਾਲਦੇ ਹੋਏ ਕੌਮ ਦੀ ਚੜ੍ਹਦੀ ਕਲਾ ਲਈ ਹਮੇਸ਼ਾਂ ਕਿਰਿਆਸ਼ੀਲ ਰਹਿਣ।ਇਸ ਸਮਾਗਮ ਦੌਰਾਨ ਲੰਡਨ ਦੇ ਵੱਡੀ ਗਿਣਤੀ ਨੌਜਵਾਨਾਂ ਨੇ ਦਮਦਮੀ ਟਕਸਾਲ ਵੱਲੋਂ ਪੰਥ ਪ੍ਰਤੀ ਨਿਭਾਈਆ ਜਾ ਰਹੀਆਂ ਅਮੁੱਲੀਆਂ ਸੇਵਾਵਾਂ ਲਈ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦਾ ਵਿਸ਼ੇਸ਼ ਸਨਮਾਨ ਕੀਤਾ ਤੇ ਕਿਹਾ ਕਿ ਦਮਦਮੀ ਟਕਸਾਲ ਪੰਥ ਪ੍ਰਤੀ ਬਣਦੀ ਆਪਣੀ ਜ਼ਿੰਮੇਵਾਰੀ ਬਾਖੂਬੀ ਨਿਭਾਉਂਦੇ ਹੋਏ ਬਾਣੀ ਤੇ ਬਾਣੇ ਦੇ ਪ੍ਰਚਾਰ -ਪ੍ਰਸਾਰ ਲਈ ਮੋਹਰੀ ਹੋ ਕੇ ਭੂਮਿਕਾ ਨਿਭਾ ਰਹੀ ਹੈ।ਸਮਾਗਮ ਦੌਰਾਨ ਭਾਈ ਕਾਰਜ ਸਿੰਘ ਤੇ ਅਮਨਦੀਪ ਸਿੰਘ ਹਜ਼ੂਰੀ ਰਾਗੀ ਸ੍ਰੀ ਹਰਿਮੰਦਰ ਸਾਹਿਬ,ਭਾਈ ਹਰਜਿੰਦਰ ਸਿੰਘ,ਭਾਈ ਹਰਚਰਨ ਸਿੰਘ, ਭਾਈ ਗਿ.ਸਤਨਾਮ ਸਿੰਘ ਹੰਸਪੁਰ ਵਾਲੇ,ਗਿ.ਤਰਲੋਚਨ ਸਿੰਘ ਤੇ ਗਿ.ਸਰਬਜੀਤ ਸਿੰਘ ਲੁਧਿਆਣਾ ਇਸ ਮੌਕੇ ਗਿ. ਬਘੇਲ ਸਿੰਘ ਦਮਦਮੀ ਟਕਸਾਲ ਯੂ.ਕੇ.,ਭਾਈ ਕਪਤਾਨ ਸਿੰਘ,ਭਾਈ ਹਰਭਜਨ ਸਿੰਘ,ਭਾਈ ਗੁਰਸ਼ਰਨ ਸਿੰਘ ਬਿਲਗਾ ਯੂ.ਐੱਸ.ਏ.,ਭਾਈ ਦਲਬੀਰ ਸਿੰਘ,ਭਾਈ ਅਜਮੇਰ ਸਿੰਘ,ਭਾਈ ਭੁਰਵਿੰਦਰ ਸਿੰਘ,ਭਾਈ ਮਨਧੀਰ ਸਿੰਘ ਟਰਾਂਟੋ,ਭਾਈ ਗੁਰਜੀਤ ਸਿੰਘ,ਭਾਈ ਜੋਤਾ ਸਿੰਘ,ਭਾਈ ਹੁਸ਼ਨਦੀਪ ਸਿੰਘ ਕੈਨੇਡਾ,ਰਾਜਾ ਮਨਵਿੰਦਰ ਸਿੰਘ ਕੰਗ,ਭਾਈ ਦਯਾ ਸਿੰਘ ਪ੍ਰਧਾਨ ਗੁ.ਸ੍ਰੀ ਗੁਰੂ ਹਰਿ ਰਾਏ ਸਾਹਿਬ ਵੈਸਟ ਬਰੋਮਿਚ,ਭਾਈ ਬਹਾਦਰ ਸਿੰਘ, ਭਾਈ ਖਾਲਸਾ ਸਿੰਘ,ਭਾਈ ਸੁੱਖਾ ਸਿੰਘ,ਭਾਈ ਰਘਬੀਰ ਸਿੰਘ ਪ੍ਰਧਾਨ ਗੁ.ਬਾਬਾ ਸੰਗਾ ਸਮੈਦਿਕ,ਈਸ਼ਟਮੀਤ ਸਿੰਘ,ਅਮਨਦੀਪ ਸਿੰਘ,ਜਗਜੀਤ ਸਿੰਘ,ਭਾਈ ਬਲਵਿੰਦਰ ਸਿੰਘ ਚਹੇੜੂ,ਭਾਈ ਗੁਰਨਾਮ ਸਿੰਘ,ਭਾਈ ਨਿਰਮਲ ਸਿੰਘ,ਭਾਈ ਰਾਜਬੀਰ ਸਿੰਘ,ਭਾਈ ਸਤਵਿੰਦਰ ਸਿੰਘ ਜਾਗੋ,ਭਾਈ ਹਰਜੀਤ ਸਿੰਘ,ਭਾਈ ਨਰਿੰਦਰ ਸਿੰਘ ,ਭਾਈ ਨਰਿੰਦਰ ਸਿੰਘ ਕਾਲਾ,ਭਾਈ ਕੁਲਬੀਰ ਸਿੰਘ ਜਰਮਨ,ਭਾਈ ਸੁਖਦੀਪ ਸਿੰਘ ਪਤਾਰਾ,ਭਾਈ ਗੁਰਮੀਤ ਸਿੰਘ,ਭਾਈ ਧੰਨਾ ਸਿੰਘ,ਭਾਈ ਜਸਬੀਰ ਸਿੰਘ,ਭਾਈ ਬਲਬੀਰ ਸਿੰਘ ਸਾਊਥਹਾਲ,ਭਾਈ ਦਵਿੰਦਰ ਸਿੰਘ,ਭਾਈ ਸੁਖਪ੍ਰੀਤ ਸਿੰਘ,ਭਾਈ ਜਸਵਿੰਦਰ ਸ੍ਰਿਘ ਜੱਸੀ,ਭਾਈ ਰੇਸ਼ਮ ਸਿੰਘ ਬਰਮਿੰਘਮ,ਭਾਈ ਮੋਹਨ ਸਿੰਘ ਕਵੈਂਟਰੀ,ਭਾਈ ਦਯਾ ਸਿੰਘ,ਭਾਈ ਪ੍ਰਗਟ ਸਿੰਘ,ਭਾਈ ਸਤਨਾਮ ਸਿੰਘ,ਭਾਈ ਜਸਬੀਰ ਸਿੰਘ,ਭਾਈ ਅਜੈਪਾਲ ਸਿੰਘ,ਭਾਈ ਗੁਰਵਿੰਦਰ ਸਿੰਘ,ਭਾਈ ਬਲਜੀਤ ਸਿੰਘ ਬੱਲ,ਭਾਈ ਮਨਜਿੰਦਰ ਸਿੰਘ ਖਹਿਰਾ,ਭਾਈ ਸਰਵਣ ਸਿੰਘ,ਭਾਈ ਰਮਨਦੀਪ ਸਿੰਘ,ਭਾਈ ਗੁਰਦੇਵ ਸਿੰਘ,ਭਾਈ ਮਨੀ ਸਿੰਘ ਬਾਠ,ਭਾਈ ਅਵਤਾਰ ਸਿੰਘ,ਭਾਈ ਮਨਵਿੰਦਰ ਸਿੰਘ ਲਾਡੀ,ਭਾਈ ਬਲਵਿੰਦਰ ਸਿੰਘ,ਭਾਈ ਹਰਪ੍ਰੀਤ ਸਿੰਘ,ਭਾਈ ਕੁਲਦੀਪ ਸਿੰਘ,ਭਾਈ ਨਵਤੇਜ ਸਿੰਘ,ਭਾਈ ਅਮ੍ਰਿਤ ਸਿੰਘ,ਭਾਈ ਸਤਨਾਮ ਸਿੰਘਭਾਈ ਗੁਰਰਾਜਨ ਸਿੰਘ ਭਾਈ ਦਲਜੀਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਨੇ ਇੰਨ੍ਹਾਂ ਸ਼ਹੀਦੀ ਸਮਾਗਮ 'ਚ ਹਾਜ਼ਰੀ ਭਰੀ।

### ਸ਼੍ਰੀ ਗੁਰੂ ਸਿੰਘ ਸਭਾ ਸਾਊਥਹਾਲ ਪਾਰਕ ਐਵਨਿਊ ਇੰਗਲੈਂਡ ਵਿਖੇ

# ਗੁਰਮਤਿ ਸਮਾਗਮ ਵਿਚ ਦਮਦਮੀ ਟਕਸਾਲ ਦੇ ਮੁਖੀ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਕਥਾ ਕੀਰਤਨ ਸਮਾਗਮ ਵਿਚ ਹਾਜ਼ਰੀ ਭਰੀ










ਆਵਾਜ਼ਿ ਕੌਮ AWAZE QAUM International Newspaper & WEB TV











ਸ਼੍ਰੀ ਗੁਰੂ ਸਿੰਘ ਸਭਾ ਸਾਊਥਹਾਲ ਪਾਰਕ ਐਵਨਿਊ ਇੰਗਲੈਂਡ ਵਿਖੇ ਗੁਰਮਤਿ ਸਮਾਗਮ ਵਿਚ ਦਮਦਮੀ ਟਕਸਾਲ ਦੇ ਮੁਖੀ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਕਥਾ ਕੀਰਤਨ ਸਮਾਗਮ ਵਿਚ ਹਾਜ਼ਰੀ ਭਰੀ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਪਤਵੰਤਿਆਂ ਵਲੋਂ ਸਨਮਾਨ ਅਤੇ ਸਤਿਕਾਰ ਕੀਤਾ ਗਿਆ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ, ਯੂ. ਕੇ.)

# ਅਕਾਲੀ ਦਲ 'ਚ ਬਗਾਵਤ ਪਿੱਛੇ ਅੰਮ੍ਰਿਤਪਾਲ ਤੇ ਸਰਬਜੀਤ ਖਲਾਸਾ, ਮਜੀਠੀਆ ਦੀ ਚੁੱਪੀ ਵੀ ਸਵਾਲਾਂ ਦੇ ਘੇਰੇ 'ਚ, ਬਾਦਲ ਨੂੰ ਦੇਣਾ ਪਵੇਗਾ ਅਸਤੀਫ਼ਾ !

**ਚੰਡੀਗੜ੍ਹ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਕਿਸੇ ਸਮੇਂ ਪੰਜਾਬ ਦੀ ਸੱਤਾਧਾਰੀ ਪਾਰਟੀ ਰਹੀ ਅਕਾਲੀ ਦਲ ਹੁਣ ਤੱਕ ਦੇ ਸਭ ਤੋਂ ਵੱਡੇ ਸੰਕਟ ਵਿੱਚੋਂ ਲੰਘ ਰਿਹਾ ਹੈ।2022 ਵਿਚ ਹੋਈਆਂ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਪਾਰਟੀ ਦਾ ਬੁਰਾ ਹਾਲ ਸੀ ਅਤੇ ਦਿੱਗਜ ਨੇਤਾ ਪ੍ਰਕਾਸ਼ ਸਿੰਘ ਬਾਦਲ, ਸੁਖਬੀਰ ਬਾਦਲ, ਬਿਕਰਮ ਮਜੀਠੀਆ ਸਮੇਤ ਕਈ ਮਸ਼ਹੂਰ ਚਿਹਰੇ ਹਾਰ ਗਏ ਸਨ। ਇਸ ਤੋਂ ਬਾਅਦ ਲੋਕ ਸਭਾ 2024 ਦੀਆਂ ਚੋਣਾਂ ਵਿੱਚ ਵੀ ਅਕਾਲੀ ਦਲ ਨੂੰ ਸਿਰਫ਼ ਇੱਕ ਸੀਟ ਹੀ ਮਿਲ ਸਕੀ। ਇਸ ਤੋਂ ਬਾਅਦ ਹੁਣ ਲਗਾਤਾਰ ਅਕਾਲੀ ਦਲ 'ਚ ਬਗਾਵਤ ਦੀਆਂ ਆਵਾਜ਼ਾਂ ਆ ਰਹੀਆਂ ਹਨ ਅਤੇ 60 ਟਕਸਾਲੀ ਅਕਾਲੀਆਂ ਨੇ ਸੁਖਬੀਰ ਬਾਦਲ ਖਿਲਾਫ ਮੋਰਚਾ ਖੋਲ੍ਹ ਦਿੱਤਾ ਹੈ। ਇਨ੍ਹਾਂ ਟਕਸਾਲੀ ਲੀਡਰਾਂ ਦੀ ਮੰਗ ਹੈ ਕਿ ਸੁਖਬੀਰ ਬਾਦਲ ਨੂੰ ਅਕਾਲੀ ਦਲ ਦੀ ਲੀਡਰਸ਼ਿਪ ਛੱਡ ਦੇਣੀ ਚਾਹੀਦੀ ਹੈ ਕਿਉਂਕਿ ਉਨ੍ਹਾਂ ਦੀ ਲੀਡਰਸ਼ਿਪ ਕਰਕੇ ਅਕਾਲੀ ਦਲ ਨੂੰ ਕਰਾਰੀ ਹਾਰ ਦਾ ਸਾਹਮਣਾ ਕਰਨਾ ਪਿਆ ਹੈ। ਇਸ ਤੋਂ ਇਲਾਵਾ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਵਿਧਾਇਕ ਬਿਕਰਮ ਸਿੰਘ ਮਜੀਠੀਆ ਵੀ ਇਸ ਪੂਰੇ ਮਾਮਲੇ 'ਤੇ ਚੁੱਪ ਹਨ। ਮਜੀਠੀਆ ਦੀ ਚੁੱਪ ਨੂੰ ਲੈ ਕੇ ਇਹ ਵੀ ਕਿਆਸ ਲਾਏ ਜਾ ਰਹੇ ਹਨ ਕਿ ਸ਼ਾਇਦ ਉਹ ਮੌਜੂਦਾ ਲੀਡਰਸ਼ਿਪ ਤੋਂ ਖੁਸ਼ ਨਹੀਂ ਹਨ। ਉਨ੍ਹਾਂ ਦਾ ਬਿਆਨ ਅਜੇ ਤੱਕ ਨਹੀਂ ਆਇਆ ਹੈ ਪਰ ਮਜੀਠੀਆ ਦਾ ਅਗਲਾ ਕਦਮ ਕੀ ਹੋਵੇਗਾ ਅਤੇ ਉਹ ਕਿਸੇ ਧੜੇ ਨਾਲ ਰਹਿਣਗੇ ਜਾਂ ਨਹੀਂ ਇਸ 'ਤੇ ਸਭ ਦੀਆਂ ਨਜ਼ਰਾਂ ਟਿਕੀਆਂ ਹੋਈਆਂ ਹਨ। ਲੋਕ ਸਭਾ ਚੋਣਾਂ ਵਿੱਚ ਅਕਾਲੀ ਦਲ ਨੇ ਸਾਰੀਆਂ 13 ਸੀਟਾਂ 'ਤੇ ਚੋਣ ਲੜੀ ਸੀ ਅਤੇ ਸਿਰਫ਼ ਇੱਕ ਹੀ ਜਿੱਤੀ ਸੀ। 10 ਸੀਟਾਂ 'ਤੇ ਅਕਾਲੀ ਦਲ ਦੇ ਲੀਡਰਾਂ ਦੀ ਜ਼ਮਾਨਤ ਜ਼ਬਤ ਹੋ ਗਈ। ਅਜਿਹੇ 'ਚ ਵਿਧਾਨ ਸਭਾ ਚੋਣਾਂ ਤੋਂ ਬਾਅਦ ਜੋ ਗੁੱਸਾ ਚੱਲ ਰਿਹਾ ਸੀ, ਉਹ ਹੁਣ ਅਕਾਲੀ ਦਲ 'ਚ ਭੜਕ ਗਿਆ ਹੈ। ਇਸ ਦੀ ਸ਼ੁਰੂਆਤ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਕੀਤੀ। ਉਸ ਨੇ ਪਾਰਟੀ ਦੇ ਸਾਰੇ ਸਮਾਗਮਾਂ ਤੋਂ ਦੂਰੀ ਬਣਾਉਣੀ ਸ਼ੁਰੂ ਕਰ ਦਿੱਤੀ। ਇਸ ਤੋਂ ਬਾਅਦ ਸੁਖਬੀਰ ਬਾਦਲ ਦੇ ਸਿਆਸੀ ਸਕੱਤਰ ਰਹੇ ਚਰਨਜੀਤ ਸਿੰਘ ਬਰਾੜ ਨੇ ਵੀ ਲੀਡਰਸ਼ਿਪ 'ਤੇ ਹਮਲਾ ਬੋਲਿਆ। ਪਿਛਲੇ ਕਈ ਦਿਨਾਂ ਤੋਂ ਉਨ੍ਹਾਂ ਦਾ ਬਾਦਲ ਦੇ ਕਰੀਬੀ ਪਰਮਬੰਸ ਸਿੰਘ ਬੰਟੀ ਰੋਮਾਣਾ ਨਾਲ ਸੋਸ਼ਲ ਮੀਡੀਆ 'ਤੇ ਵਿਵਾਦ ਚੱਲ ਰਿਹਾ ਸੀ। ਦੋਵੇਂ ਸੋਸ਼ਲ ਮੀਡੀਆ 'ਤੇ ਖੁੱਲ੍ਹ ਕੇ ਹਮਲਾ ਕਰ ਰਹੇ ਸਨ। ਅਕਾਲੀ ਦਲ ਅਤੇ ਪੰਜਾਬ ਦੀ ਰਾਜਨੀਤੀ ਨੂੰ ਸਮਝਣ ਵਾਲੇ ਕੁਝ ਲੋਕਾਂ ਦਾ ਕਹਿਣਾ ਹੈ ਕਿ ਇਸ ਵਿਵਾਦ ਦੀ ਜੜ੍ਹ ਖਡੂਰ ਸਾਹਿਬ ਲੋਕ ਸਭਾ ਸੀਟ ਤੋਂ ਅੰਮ੍ਰਿਤਪਾਲ ਸਿੰਘ ਦੀ ਜਿੱਤ ਹੈ।





# ਹਿਮਾਚਲ 'ਚ ਫਿਰ ਪਿਆ ਪੰਜਾਬੀਆਂ ਨਾਲ ਪੰਗਾ, ਨੌਜਵਾਨ ਨੇ ਕੱਢ ਲਿਆ ਪਿਸਤੌਲ

**ਕੁੱਲੂ, 26 ਜੂਨ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ 'ਚ ਘੁੰਮਣ ਜਾਣ ਵਾਲੇ ਪੰਜਾਬੀ ਸੈਲਾਨੀ ਚਰਚਾ ਵਿੱਚ ਹਨ। ਕਈ ਸੈਲਾਨੀਆਂ ਦਾ ਸਥਾਨਕ ਲੋਕਾਂ ਨਾਲ ਟਕਰਾਅ ਹੋਇਆ ਹੈ। ਹੁਣ ਤਾਜ਼ਾ ਮਾਮਲਾ ਮਨੀਕਰਨ ਸਾਹਿਬ ਤੋਂ ਸਾਹਮਣੇ ਆਇਆ ਹੈ।ਇੱਥੇ ਇੱਕ ਨੌਜਵਾਨ ਦੀ ਡਰਾਈਵਰ ਨਾਲ ਤਕਰਾਰ ਹੋ ਗਈ।ਮਾਮਲਾ ਇਨ੍ਹਾਂ ਵਧ ਗਿਆ ਕਿ ਪੰਜਾਬੀ ਨੌਜਵਾਨ ਨੇ ਪਿਸਤੌਲ ਕੱਢ ਲਿਆ।ਹਾਸਲ ਜਾਣਕਾਰੀ ਮੁਤਾਬਕ ਹਿਮਾਚਲ ਦੇ ਜ਼ਿਲ੍ਹਾ ਕੁੱਲੂ ਵਿੱਚ ਪੰਜਾਬ ਦੇ ਇੱਕ ਸੈਲਾਨੀ ਦੀ ਬੱਸ ਡਰਾਈਵਰ ਨਾਲ ਬਹਿਸ ਹੋ ਗਈ। ਸੂਤਰਾਂ ਮੁਤਾਬਕ ਬੱਸ ਡਰਾਈਵਰ ਪੰਜਾਬੀ ਸੈਲਾਨੀ ਦੀ ਗੱਡੀ ਨੂੰ ਰਾਹ ਨਹੀਂ ਦੇ ਰਿਹਾ ਸੀ।ਇਸ ਮਗਰੋਂ ਮਾਮਲਾ ਵਧ ਗਿਆ ਤੇ ਪੰਜਾਬੀ ਨੌਜਵਾਨ ਨੇ ਪਿਸਤੌਲ ਕੱਢ ਲਈ। ਇਸ ਮਾਮਲੇ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਇਸ ਦੌਰਾਨ ਹੰਗਾਮਾ ਹੋਣ ਕਾਰਨ ਆਵਾਜਾਈ ਜਾਮ ਹੋ ਗਈ।ਪੁਲਿਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।



ਦੱਸ ਦਈਏ ਕਿ ਮੰਗਲਵਾਰ ਦੁਪਹਿਰ ਕਰੀਬ ਸਾਢੇ 12 ਵਜੇ ਪੁਲਿਸ ਚੌਕੀ ਮਨੀਕਰਨ ਅਧੀਨ ਪੈਂਦੇ ਗਾਲੂ ਪਾਲ ਕੋਲ ਇੱਕ ਨਿੱਜੀ ਬੱਸ ਕੁੱਲੂ ਤੋਂ ਮਨੀਕਰਨ ਵੱਲ ਆ ਰਹੀ ਸੀ। ਉਸੇ ਸਮੇਂ ਇੱਕ ਇਨੋਵਾ ਕਾਰ ਕੁੱਲੂ ਵੱਲ ਆ ਰਹੀ ਸੀ। ਚਸ਼ਮਦੀਦਾਂ ਮੁਤਾਬਕ ਬੱਸ ਡਰਾਈਵਰ ਨੇ ਗੱਡੀ ਨੂੰ ਥੋੜ੍ਹਾ ਪਿੱਛੇ ਹਟਣ ਲਈ ਕਿਹਾ ਸੀ। ਇਸ 'ਤੇ ਇਨੋਵਾ ਚਾਲਕ ਜਤਿੰਦਰ ਸਿੰਘ ਪੁੱਤਰ ਖੁਸ਼ਪਾਲ ਸਿੰਘ ਤੇ ਬੱਸ ਚਾਲਕ ਵਿਚਾਲੇ ਤਕਰਾਰ ਸ਼ੁਰੂ ਹੋ ਗਿਆ। ਸੂਤਰਾਂ ਮੁਤਾਬਤ ਮਾਮਲਾ ਵਧਦਾ ਵੇਖ ਜਤਿੰਦਰ ਨੇ ਤੁਰੰਤ ਪਿਸਤੌਲ ਕੱਢ ਲਿਆ ਤੇ ਬੱਸ ਦੇ ਡਰਾਈਵਰ ਤੇ ਕੰਡਕਟਰ ਨੂੰ ਵੰਗਾਰਣ ਲੱਗਾ। ਇਸ ਮਾਮਲੇ ਵਿੱਚ ਪੁਲਿਸ ਨੇ ਇਨੋਵਾ ਗੱਡੀ ਦੇ ਡਰਾਈਵਰ ਜਤਿੰਦਰ ਖ਼ਿਲਾਫ਼ ਥਾਣਾ ਸਦਰ ਕੁੱਲੂ ਵਿੱਚ ਭਾਰਤੀ ਅਸਲਾ ਐਕਟ ਦੀ ਧਾਰਾ 25 ਤੇ ਧਾਰਾ 504, 506 ਤਹਿਤ ਕੇਸ ਦਰਜ ਕਰ ਲਿਆ ਹੈ।ਕੁੱਲੂ ਦੇ ਐਸਪੀ ਡਾ. ਕਾਰਤੀਕੇਅਨ ਨੇ ਦੱਸਿਆ ਕਿ ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

# ਪਠਾਨਕੋਟ ਸਰਹੱਦ 'ਤੇ 2 ਸ਼ੱਕੀ ਦੇਖੇ ਜਾਣ ਤੋਂ ਬਾਅਦ ਹਾਈ ਅਲਰਟ, ਸਰਚ ਆਪ੍ਰੇਸ਼ਨ ਸ਼ੁਰੂ



**ਬਮਿਆਲ/ਦੀਨਾਨਗਰ , 26 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਰਤ ਪਾਕਿਸਤਾਨ ਪਠਾਨਕੋਟ ਸਰਹੱਦ ਜ਼ੀਰੋ ਰੇਖਾ 'ਤੇ ਦੋ ਸ਼ੱਕੀ ਵਿਅਕਤੀ ਵੇਖਣ ਤੋਂ ਬਾਅਦ ਇਲਾਕੇ ਅੰਦਰ ਮਚੀ ਹਲਚਲ ਕਾਰਨ ਜਿੱਥੇ ਪੁਲਸ ਅਤੇ ਹੋਰ ਏਜੰਸੀਆਂ ਵੱਲੋਂ ਸੁਰੱਖਿਆ ਦੇ ਮੱਦੇ ਨਜ਼ਰ ਸਖ਼ਤ ਪ੍ਰਬੰਧ ਕੀਤੇ ਗਏ ਹਨ। ਉਥੇ ਨਾਲ ਹੀ ਪੂਰੇ ਇਲਾਕੇ ਅੰਦਰ ਭਾਰੀ ਪੁਲਸ ਫੋਰਸ ਨਾਲ ਸਰਚ ਆਪ੍ਰੇਸ਼ਨ ਸ਼ੁਰੂ ਕਰ ਦਿੱਤਾ ਗਿਆ ਹੈ। ਜਾਣਕਾਰੀ ਅਨੁਸਾਰ ਜ਼ੀਰੋ ਰੇਖਾ ਦੇ ਨਜ਼ਦੀਕ ਪੈਂਦੇ ਪਿੰਡ ਕੋਟ ਭੱਟੀਆਂ 'ਚ ਬੀਤੀ ਰਾਤ ਡੇਢ ਵਜੇ ਦੇ ਕਰੀਬ ਦੋ ਸ਼ੱਕੀ ਵਿਅਕਤੀ ਦੇਖਣ ਦਾ ਸਮਾਚਾਰ ਪ੍ਰਾਪਤ ਹੋਇਆ । ਜੋ ਕਿ ਪਠਾਨਕੋਟ ਭਾਰਤ-ਪਾਕਿਸਤਾਨ ਤੋਂ 7 ਕਿਲੋਮੀਟਰ ਦੂਰੀ 'ਤੇ ਸਥਿਤ ਪਿੰਡ ਕੋਟ ਭੱਟੀਆਂ 'ਚ ਸਥਿਤ ਇਕ ਫਾਰਮ ਹਾਊਸ ਜਿੱਥੇ ਕਿ ਲੇਬਰ ਵੱਲੋਂ ਦੋ ਸ਼ੱਕੀ ਵਿਅਕਤੀ ਜਿਹਨਾਂ ਵੱਲੋਂ ਕਾਲੇ ਰੰਗ ਦੀ ਯੂਨੀਫਾਰਮ ਪਾਈ ਹੋਈ ਸੀ। ਜਿਸ ਤੋਂ ਬਾਅਦ ਸਰਹੱਦੀ ਖੇਤਰ 'ਚ ਸਾਰੀਆਂ ਹੀ ਸੁਰੱਖਿਆ ਏਜੰਸੀਆਂ ਪੂਰੀ ਤਰ੍ਹਾਂ ਨਾਲ ਅਲਰਟ ਹੋ ਚੁੱਕੀਆਂ ਹਨ ਅਤੇ ਲਗਾਤਾਰ ਸਰਚ ਅਭਿਆਨ ਚਲਾਇਆ ਜਾ ਰਿਹਾ ਉੱਥੇ ਹੀ ਸਰਹੱਦੀ ਖੇਤਰ ਅੰਦਰ ਨਾਕਿਆਂ 'ਤੇ ਵੀ ਪੂਰੀ ਸਖਤਾਈ ਕਰ ਦਿੱਤੀ ਗਈ ਹੈ ਅਤੇ ਪੂਰੀ ਤਰ੍ਹਾਂ ਚੈਕਿੰਗ ਕੀਤੀ ਜਾ ਰਹੀ ਹੈ। ਖ਼ਬਰ ਲਿਖੇ ਜਾਣ ਤੱਕ ਅਜੇ ਇਲਾਕੇ ਅੰਦਰ ਸਰਚ ਅਭਿਆਨ ਜਾਰੀ ਹੈ।

### ਮਾਤਾ ਗੁਜ਼ਰੀ ਜੀ ਸੋਸਾਇਟੀ ਵੱਲੋਂ ਲੋੜਵੰਦ ਲੜਕੀਆਂ ਦੇ ਵਿਆਹ ਕਰਵਾਉਣ ਸੰਬੰਧੀ ਬੈਠਕ

# ਨਰਪ੍ਰੀਤ ਸਿੰਘ ਨੂੰ ਕੀਤਾ ਸਨਮਾਨਿਤ



**ਚੌਕ ਮਹਿਤਾ26 ਜੂਨ( ਬਾਬਾ ਸੁਖਵੰਤ ਸਿੰਘ ਚੰਨਣਕੇ )** - ਮਾਤਾ ਗੁਜ਼ਰੀ ਜੀ ਵੈਲਫੇਅਰ ਸੋਸਾਇਟੀ ਛੇਹਰਟਾ ਦੀ ਬੈਠਕ ਮੁੱਖ ਸੇਵਾਦਾਰ ਹਰਿੰਦਰ ਪਾਲ ਸਿੰਘ ਨਾਰੰਗ ਦੀ ਅਗਵਾਈ ਵਿੱਚ ਕਠਾਨੀਆਂ ਪ੍ਰਾਪਰਟੀ ਐਡਵਾਇਜ਼ਰ ਜੀ.ਟੀ ਰੋਡ ਛੇਹਰਟਾ ਵਿਖੇ ਹੋਈ।ਜਿਸ ਵਿੱਚ ਸੋਸਾਇਟੀ ਅਤੇ ਨਾਰੰਗ ਪਰਿਵਾਰ ਵੱਲੋਂ ਉਘੇ ਸਮਾਜ ਸੇਵਕ ਪ੍ਰਿੰਸੀਪਲ ਐਚ.ਐਸ ਕਠਾਨੀਆਂ ਦੀ ਅਗਵਾਈ ਵਿੱਚ ਅਕਤੂਬਰ ਮਹੀਨੇ ਵਿੱਚ ਬਾਬਾ ਰਾਮ ਸਿੰਘ,ਹਰਨਾਮ ਸਿੰਘ ਸੇਵਾ ਸੋਸਾਇਟੀ ਵੱਲੋਂ ਉਨ੍ਹਾਂ ਦੀ ਯਾਦ ਵਿੱਚ ਆਰਮੀ ਗੇਟ ਸੀ.ਪੀ 2 ਜੇ.ਜੇ ਸਕੂਲ ਵਿੱਚ ਕਰਵਾਏ ਜਾਣ ਵਾਲੇ ਲੋੜਵੰਦ ਲੜਕੀਆਂ ਦੇ ਵਿਆਹ ਦੀਆਂ ਤਿਆਰੀਆਂ ਸੰਬੰਧੀ ਵਿਚਾਰ ਚਰਚਾ ਕੀਤੀ ਗਈ।ਇਸ ਮੌਕੇ ਲੋੜਵੰਦ ਬੇਟੀਆਂ ਦੇ ਵਿਆਹ ਮੌਕੇ ਉਘੀਆਂ ਸਮਾਜ ਸੇਵੀ ਸੰਸਥਾਵਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ।ਅੱਜ ਦੀ ਬੈਠਕ ਵਿੱਚ ਸਮਾਜ ਸੇਵੀ ਕਾਰਜਾਂ ਨੂੰ ਦੇਖਦੇ ਹੋਏ ਨਰਪ੍ਰੀਤ ਸਿੰਘ ਜੀ.ਕੇ ਆਪਟੀਕਲ ਨੂੰ ਸੋਸਾਇਟੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਗੁਰਮੀਤ ਸਿੰਘ,ਹਰਮੀਤ ਸਿੰਘ,ਬਲਵੰਤ ਸਿੰਘ ਆਰੇ ਵਾਲੇ,ਜਸਬੀਰ ਸਿੰਘ ਅਰੋੜਾ ਪ੍ਰਧਾਨ,ਸੁਖਵਿੰਦਰ ਸਿੰਘ ਸਵੀਟੀ,ਇਕਬਾਲ ਸਿੰਘ, ਸਰਬਜੀਤ ਸਿੰਘ ਹੈਰੀ,ਗੋਬਿੰਦਪਾਲ ਸਿੰਘ,ਹਰਚਰਨ ਸਿੰਘ ਕਠਾਨੀਆਂ,ਮੈਡਮ ਨੀਰਜ,ਕੰਵਲਜੀਤ ਸਿੰਘ ਵਾਲੀਆ।


ਸ੍ਰੀ ਅਕਾਲ ਤਖਤ ਸਾਹਿਬ ਜੀ ਸਿਰਜਣਾ ਦਿਵਸ ਦੀਆਂ ਸਮੂਹ ਸੰਗਤਾ ਨੂੰ ਲੱਖ ਲੱਖ ਵਧਾਈਆ ਹੋਣ ਜੀ





(ਵੱਲੋਂ : ਸਮਾਜ ਸੇਵਕ ਸ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਜਿਲਾ ਵਾਈਸ ਪ੍ਰਧਾਨ ਵਾਪਾਰ ਮੰਡਲ ਪੀ, ਏ ਸ੍ਰੀ ਵਿਨੀਤ ਵਰਮਾ)

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243